PUNJAB VIDHAN SABHA

DEBATES

Monday, the 19th December, 2016

Vol. XV– No. 1

OFFICIAL REPORT

CONTENTS

Punjab Vidhan Sabha Secretariat, Chandigarh

Price : Rs._________.

PUNJAB VIDHAN SABHA

Monday, the 19th December, 2016

The Vidhan Sabha met in the Punjab Vidhan Sabha Hall, Vidhan Bhavan, Sector 1, Chandigarh at 2.00 P.M. Mr. Speaker (Doctor Charnjit Singh Atwal) in the Chair.

OBTIUARY REFERENCES

ਮਾਨਯੋਗ ਸਪੀਕਰ : ਅਕਾਲ ਚਲਾਣਿਆਂ ਦਾ ਵਰਨਣ ।

ਵਿਧਾਨ ਸਭਾ ਦੇ ਪਿਛਲੇ ਸਮਾਗਮ ਤੋਂ ਅੱਜ ਤੱਕ ਦੇ ਸਮੇਂ ਦੌਰਾਨ ਕਈ ਸਤਿਕਾਰਯੋਗ ਸ਼ਖਸੀਅਤਾਂ ਸਾਡੇ ਤੋਂ ਵਿਛੜ ਗਈਆਂ ਹਨ। ਅੱਜ ਅਸੀਂ ਉਨ੍ਹਾਂ ਨੂੰ ਸ਼ਰਧਾਂਜਲੀ ਦੇਣ ਲਈ ਇਕੱਤਰ ਹੋਏ ਹਾਂ।

ਮਿਸ ਜੈ ਜੈਲਲਿਤਾ, ਮੁੱਖ ਮੰਤਰੀ, ਤਾਮਿਲਨਾਡੂ ਸਾਨੂੰ ਮਿਤੀ 5 ਦਸੰਬਰ, 2016 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਹ 68 ਸਾਲਾਂ ਦੇ ਸਨ। ਉਹ ਤਾਮਿਲਨਾਡੂ ਦੇ ਮੁੱਖ ਮੰਤਰੀ ਸਨ ਅਤੇ ਏ.ਆਈ.ਡੀ.ਐਮ.ਕੇ. ਦੇ ਪ੍ਰਧਾਨ ਵੀ ਸਨ। ਉਹ ਤਾਮਿਲਨਾਡੂ ਦੇ ਪੰਜ ਵਾਰ ਮੁੱਖ ਮੰਤਰੀ ਰਹੇ। ਉਹ ਪਹਿਲੀ ਵਾਰ ਸਾਲ 1991 ਵਿੱਚ ਤਾਮਿਲਨਾਡੂ ਦੇ ਸਭ ਤੋਂ ਘੱਟ ਉਮਰ ਦੇ ਨੌਜਵਾਨ ਮੁੱਖ ਮੰਤਰੀ ਬਣੇ। ਉਨ੍ਹਾਂ ਨੇ ਤਕਰੀਬਨ 140 ਤਾਮਿਲ, ਤੇਲਗੂ, ਹਿੰਦੀ ਅਤੇ ਕੰਨੜ ਭਾਸ਼ਾਵਾਂ ਦੀਆਂ ਫਿਲਮਾਂ ਵਿੱਚ ਕੰਮ ਵੀ ਕੀਤਾ।

ਸਰਦਾਰ ਅਵਤਾਰ ਸਿੰਘ ਬਰਾੜ, ਸਾਬਕਾ ਮੰਤਰੀ ਵੀ ਸਾਨੂੰ ਮਿਤੀ 10 ਦਸੰਬਰ, 2016 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 13 ਮਾਰਚ, 1939 ਨੂੰ ਹੋਇਆ। ਉਹ ਸਾਲ 1992-1997 ਦੌਰਾਨ ਮੰਤਰੀ ਰਹੇ। ਉਹ ਤਿੰਨ ਵਾਰ ਸਾਲ 1992 ਤੋਂ 1997, 1997 ਤੋਂ 2002 ਅਤੇ 2007 ਤੋਂ 2012 ਤੱਕ ਐਮ.ਐਲ.ਏ. ਰਹੇ। ਉਹ ਸਾਲ 1997 ਤੋਂ 2007 ਤੱਕ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਉਪ ਪ੍ਰਧਾਨ ਵੀ ਰਹੇ। ਅਚਾਨਕ ਮੌਤ ਦੇ ਸਮੇਂ ਉਹ ਪੀ.ਆਰ.ਟੀ.ਸੀ. ਦੇ ਚੇਅਰਮੈਨ ਸਨ।

ਸਰਦਾਰ ਦਵਿੰਦਰ ਸਿੰਘ ਬਾਜਵਾ, ਸਾਬਕਾ ਮੰਤਰੀ ਵੀ ਸਾਨੂੰ ਮਿਤੀ 13 ਦਸੰਬਰ, 2016 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 10 ਨਵੰਬਰ, 1932 ਨੂੰ ਹੋਇਆ। ਉਹ ਸਾਲ 1966 ਤੋਂ ਅਕਾਲੀ ਜੱਥਾ, ਹੁਸ਼ਿਆਰਪੁਰ ਦੇ ਕਾਰਜਕਾਰੀ ਮੈਂਬਰ ਰਹੇ। ਉਹ ਸਾਲ 1965 ਤੋਂ 1968 ਤੱਕ ਬਲਾਕ

[ਮਾਨਯੋਗ ਸਪੀਕਰ]

ਸੰਮਤੀ, ਦਸੂਹਾ ਦੇ ਚੇਅਰਮੈਨ ਵੀ ਰਹੇ। ਉਹ ਸਿੱਖਿਆ ਪ੍ਰਣਾਲੀ ਦੇ ਸੁਧਾਰ ਅਤੇ ਵਿਕਾਸ ਕੰਮਾਂ ਲਈ ਬਹੁਤ ਜ਼ਿਆਦਾ ਦਿਲਚਸਪੀ ਰੱਖਦੇ ਸਨ।

ਸਰਵਸ਼੍ਰੀ ਹਾਕਮ ਸਿੰਘ, ਗੁਰਦਿਆਲ ਸਿੰਘ, ਪ੍ਰੀਤਮ ਸਿੰਘ, ਹਰਚੰਦ ਸਿੰਘ, ਕੁਲਵੰਤ ਸਿੰਘ, ਤਾਰਾ ਸਿੰਘ, ਤੇਜਾ ਸਿੰਘ ਅਤੇ ਚੰਨਣ ਸਿੰਘ ਸਾਰੇ ਸੁਤੰਤਰਤਾ ਸੰਗਰਾਮੀ ਵੀ ਸਾਨੂੰ ਸਭਨਾਂ ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਇਨ੍ਹਾਂ ਸਾਰੇ ਸੁਤੰਤਰਤਾ ਸੰਗਰਾਮੀਆਂ ਨੇ ਆਪਣੀ ਲਗਨ, ਮਿਹਨਤ ਅਤੇ ਕੁਰਬਾਨੀ ਸਦਕਾ ਹਿੰਦੁਸਤਾਨ ਨੂੰ ਅਜ਼ਾਦ ਕਰਵਾਉਣ ਵਿੱਚ ਆਪਣਾ ਆਪਣਾ ਯੋਗਦਾਨ ਪਾਇਆ। ਅਸੀਂ ਉਨ੍ਹਾਂ ਦੀਆਂ ਕੁਰਬਾਨੀਆਂ ਸਦਕਾ ਮਿਲੀ ਅਜ਼ਾਦੀ ਦਾ ਨਿੱਘਾ ਆਨੰਦ ਮਾਣ ਰਹੇ ਹਾਂ ਅਤੇ ਉਨ੍ਹਾਂ ਨੂੰ ਕਦੇ ਵੀ ਭੁਲਾ ਨਹੀਂ ਸਕਦੇ।

ਇਨ੍ਹਾਂ ਤੋਂ ਇਲਾਵਾ ਸ਼ਹੀਦ ਹਵਲਦਾਰ ਸੁਖਰਾਜ ਸਿੰਘ ਵੀ ਸਾਨੂੰ ਮਿਤੀ 29 ਨਵੰਬਰ, 2016 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 24 ਅਪ੍ਰੈਲ, 1984 ਨੂੰ ਹੋਇਆ। ਉਹ 28 ਦਸੰਬਰ, 2004 ਨੂੰ ਆਰਟਿਲਰੀ ਰੈਜੀਮੈਂਟ ਵਿੱਚ ਭਰਤੀ ਹੋਏ। ਉਹ ਨਗਰੋਟਾ ਵਿਖੇ ਆਰਮੀ ਅਫਸਰਾਂ ਦੇ ਪਰਿਵਾਰਾਂ ਨੂੰ ਅੱਤਵਾਦੀਆਂ ਦੀ ਕੈਦ ਤੋਂ ਛੁਡਾਉਣ ਸਮੇਂ ਸ਼ਹੀਦ ਹੋਏ।

ਇਨ੍ਹਾਂ ਸਭਨਾਂ ਦੇ ਚਲੇ ਜਾਣ ਨਾਲ ਦੇਸ਼, ਰਾਜ ਅਤੇ ਸਾਨੂੰ ਨਾ ਪੂਰਿਆ ਜਾਣ ਵਾਲਾ ਵੱਡਾ ਘਾਟਾ ਪਿਆ ਹੈ ਅਤੇ ਅਸੀਂ ਉਨ੍ਹਾਂ ਦੀਆਂ ਵੱਡਮੁੱਲੀਆਂ ਸੇਵਾਵਾਂ ਤੋਂ ਵਾਂਝੇ ਹੋ ਗਏ ਹਾਂ। ਸਾਨੂੰ ਯਤਨ ਕਰਨਾ ਚਾਹੀਦਾ ਹੈ ਕਿ ਅਸੀਂ ਇਨ੍ਹਾਂ ਵਿਛੜੀਆਂ ਸ਼ਖਸੀਅਤਾਂ ਦੇ ਪਦ-ਚਿੰਨ੍ਹਾਂ ਤੇ ਚਲਦੇ ਹੋਏ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਰਹੀਏ। ਇਹੀ ਉਨ੍ਹਾਂ ਪ੍ਰਤੀ ਸੱਚੀ ਸ਼ਰਧਾਂਜਲੀ ਹੋਵੇਗੀ।

ਮੈਂ ਵਾਹਿਗੁਰੂ ਅੱਗੇ ਅਰਦਾਸ ਕਰਦਾ ਹਾਂ ਕਿ ਉਹ ਇਨ੍ਹਾਂ ਸ਼ਖਸੀਅਤਾਂ ਦੀਆਂ ਰੂਹਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ੇ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਚੜ੍ਹਦੀ ਕਲਾ ਵਿਚ ਰੱਖੇ ਅਤੇ ਭਾਣਾ ਮੰਨਣ ਦਾ ਬਲ ਬਖਸ਼ੇ।

ਜੇਕਰ ਸਦਨ ਦੀ ਸਹਿਮਤੀ ਹੋਵੇ ਤਾਂ ਸ਼ੋਕ ਪ੍ਰਸਤਾਵ ਸਾਰੀਆਂ ਵਿਛੜੀਆਂ ਸ਼ਖਸੀਅਤਾਂ ਦੇ ਪਰਿਵਾਰਾਂ ਨੂੰ ਭੇਜ ਦਿੱਤੇ ਜਾਣਗੇ।

ਹੁਣ ਮੈਂ, ਸਮੂਹ ਮੈਂਬਰ ਸਾਹਿਬਾਨ ਨੂੰ ਬੇਨਤੀ ਕਰਦਾ ਹਾਂ ਕਿ ਇਨ੍ਹਾਂ ਵਿਛੜੀਆਂ ਰੂਹਾਂ ਦੀ ਯਾਦ ਵਿੱਚ ਦੋ ਮਿੰਟ ਮੋਨ ਧਾਰਨ ਕਰਨ ਲਈ ਖੜ੍ਹੇ ਹੋਈਏ।

(ਇਸ ਸਮੇਂ ਸਦਨ ਵਿੱਚ ਹਾਜ਼ਰ ਸਮੂਹ ਮੈਂਬਰ ਸਾਹਿਬਾਨ ਵੱਲੋਂ ਵਿਛੜੀਆਂ

ਰੂਹਾਂ ਦੀ ਆਤਮਿਕ ਸ਼ਾਂਤੀ ਲਈ ਖੜ੍ਹੇ ਹੋ ਕੇ ਦੋ ਮਿੰਟ ਮੋਨ ਧਾਰਨ ਕੀਤਾ ਗਿਆ।)

SHORT ADJOURNMENT OF THE HOUSE

ਮਾਨਯੋਗ ਸਪੀਕਰ : ਹੁਣ, ਸਦਨ ਸੋਮਵਾਰ, ਮਿਤੀ 19 ਦਸੰਬਰ, 2016 ਦੇ 3.00 ਵਜੇ ਬਾਅਦ ਦੁਪਹਿਰ ਤੱਕ ਸਥਗਿਤ ਹੁੰਦਾ ਹੈ ।

*2.07 ਵਜੇ ਬਾਅਦ ਦੁਪਹਿਰ) (*ਇਸ ਸਮੇਂ ਸਦਨ ਸੋਮਵਾਰ, ਮਿਤੀ 19 ਦਸੰਬਰ, 2016 ਦੇ 3.00 ਵਜੇ ਬਾਅਦ ਦੁਪਹਿਰ ਤੱਕ ਸਥਗਿਤ ਹੋ ਗਿਆ।

(ਸਦਨ 3.00 ਵਜੇ ਬਾਅਦ ਦੁਪਹਿਰ ਮੁੜ ਇਕੱਤਰ ਹੋਇਆ।)

ANNOUNCEMENT BY THE SPEAKER REG. PANEL OF CHAIRMEN

ਮਾਨਯੋਗ ਸਪੀਕਰ : ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਦੇ ਨਿਯਮ 13 (1) ਅਧੀਨ ਮੈਂ ਹੇਠ ਲਿਖੇ ਮੈਂਬਰਾਂ ਨੂੰ ਸਭਾਪਤੀ ਨਾਮਾਵਲੀ ਲਈ ਨਾਮਜ਼ਦ ਕਰਦਾ ਹਾਂ :-

1) ਸਰਦਾਰ ਇਕਬਾਲ ਸਿੰਘ ਝੂੰਦਾਂ ।
2) ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ ।
3) ਸ਼੍ਰੀ ਬ੍ਰਹਮ ਮਹਿੰਦਰਾ ।
4) ਸ਼੍ਰੀ ਮਨੋਰੰਜਨ ਕਾਲੀਆ।

ANNOUNCEMENT BY THE SECRETARY

ਮਾਨਯੋਗ ਸਪੀਕਰ : ਸਕੱਤਰ ਦੁਆਰਾ ਐਲਾਨ।

ਸਕੱਤਰ : ਸ਼੍ਰੀਮਾਨ ਜੀ, ਮੈਂ 14ਵੀਂ ਪੰਜਾਬ ਵਿਧਾਨ ਸਭਾ ਦੁਆਰਾ ਇਸ ਦੇ 13ਵੇਂ ਸਮਾਗਮ ਦੌਰਾਨ ਪਾਸ ਕੀਤੇ ਗਏ ਬਿਲਾਂ, ਜਿਨ੍ਹਾਂ ਤੇ ਰਾਜਪਾਲ ਜੀ ਨੇ

[ਸਕੱਤਰ]

ਆਪਣੀ ਸਹਿਮਤੀ ਦੇ ਦਿੱਤੀ ਹੈ, ਦਾ ਵੇਰਵਾ ਸਦਨ ਦੀ ਮੇਜ਼ ਤੇ ਰੱਖਦੀ ਹਾਂ:-

1) ਪੰਜਾਬ ਜ਼ਰਾਇਤੀ ਪੈਦਾਵਾਰ ਦੀਆਂ ਮੰਡੀਆਂ (ਦੂਜੀ ਸੋਧਨਾ) ਬਿਲ, 2016
2) ਪੈਪਸੂ ਟਾਊਨਸ਼ਿਪ ਵਿਕਾਸ ਬੋਰਡ (ਸੋਧਨਾ) ਬਿਲ, 2016
3) ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ (ਸੋਧਨਾ) ਬਿਲ, 2016
4) ਪੰਜਾਬ ਵਿਆਹਾਂ ਦੀ ਲਾਜ਼ਮੀ ਰਜਿਸਟਰੇਸ਼ਨ (ਸੋਧਨਾ) ਬਿਲ, 2016
5) ਪੰਜਾਬ ਕਾਨੂੰਨ (ਵਿਸ਼ੇਸ਼ ਉਪਬੰਧ) ਬਿਲ, 2016
6) ਪੰਜਾਬ ਰਾਜ ਘੱਟ ਗਿਣਤੀਆਂ ਕਮਿਸ਼ਨ (ਦੂਜੀ ਸੋਧਨਾ) ਬਿਲ, 2016
7) ਖਾਲਸਾ ਯੂਨੀਵਰਸਿਟੀ ਬਿਲ, 2016
8) ਸ਼੍ਰੀ ਗੁਰੂ ਰਾਮ ਦਾਸ ਯੂਨੀਵਰਸਿਟੀ ਆਫ ਹੈਲਥ ਸਾਇੰਸਜ਼ ਬਿਲ, 2016
9) ਪੰਜਾਬ ਮਿਉਂਸਪਲ ਕਾਰਪੋਰੇਸ਼ਨ (ਦੂਜੀ ਸੋਧਨਾ) ਬਿਲ, 2016
10) ਅੰਮ੍ਰਿਤਸਰ ਸਭਿਆਚਾਰ ਅਤੇ ਸੈਰ ਸਪਾਟਾ ਵਿਕਾਸ ਅਥਾਰਿਟੀ ਬਿਲ, 2016
11) ਪੰਜਾਬ ਰਾਜ ਅਨੁਸੂਚਿਤ ਜਾਤੀਆਂ ਲਈ ਕਮਿਸ਼ਨ (ਸੋਧਨਾ) ਬਿਲ, 2016
12) ਪੂਰਬੀ ਪੰਜਾਬ ਜੋਤਾਂ (ਚੱਕਬੰਦੀ ਅਤੇ ਜੋਤਾਂ ਦੇ ਟੁਕੜੇ ਹੋਣ ਤੇ ਰੋਕ) ਸੋਧਨਾ ਬਿਲ, 2016
13) ਪੰਜਾਬ ਮਿਉਂਸਪਲ ਕਾਰਪੋਰੇਸ਼ਨ (ਤੀਜੀ ਸੋਧਨਾ) ਬਿਲ, 2016
14) ਪੰਜਾਬ ਮਿਉਂਸਪਲ (ਦੂਜੀ ਸੋਧਨਾ) ਬਿਲ, 2016
15) ਪੰਜਾਬ ਬਿਊਰੋ ਆਫ ਇਨਵੈਸਟਮੈਂਟ ਪ੍ਰੋਮੋਸ਼ਨ ਬਿਲ, 2016
16) ਪੰਜਾਬ ਖਾਦੀ ਅਤੇ ਪੇਂਡੂ ਉਦਯੋਗ ਬੋਰਡ (ਸੋਧਨਾ) ਬਿਲ, 2016

MOTION REGARDING SUSPENSION OF CERTAIN RULES OF THE RULES OF PROCEDURE AND CONDUCT OF BUSINESS IN THE PUNJAB VIDHAN SABHA (PUNJAB LEGISLATIVE ASSEMBLY)

ਮਾਨਯੋਗ ਸਪੀਕਰ : ਸ਼੍ਰੀ ਮਦਨ ਮੋਹਨ ਮਿੱਤਲ, ਸੰਸਦੀ ਮਾਮਲਿਆਂ ਬਾਰੇ ਮੰਤਰੀ ਪ੍ਰਸਤਾਵ ਪੇਸ਼ ਕਰਨ।

ਸੰਸਦੀ ਮਾਮਲੇ ਮੰਤਰੀ (ਸ਼੍ਰੀ ਮਦਨ ਮੋਹਨ ਮਿੱਤਲ) : ਸ਼੍ਰੀਮਾਨ ਜੀ, ਮੈਂ ਪ੍ਰਸਤਾਵ ਕਰਦਾ ਹਾਂ –

" ਕਿ ਇਹ ਸਦਨ ਸੰਕਲਪ ਕਰਦਾ ਹੈ ਕਿ ਪੰਜਾਬ ਵਿਧਾਨ ਸਭਾ ਦੇ ਚਾਲੂ ਸਮਾਗਮ ਜੋ ਕੁਝ ਜ਼ਰੂਰੀ ਅਤੇ ਮਹੱਤਵਪੂਰਨ ਸਰਕਾਰੀ ਕੰਮ-ਕਾਰ ਲਈ ਵਿਸ਼ੇਸ਼ ਸਮਾਗਮ ਹੈ, ਦੇ ਦੌਰਾਨ ਕੇਵਲ ਸਰਕਾਰੀ ਕੰਮ-ਕਾਰ ਹੀ ਕੀਤਾ ਜਾਵੇ ਅਤੇ ਹੋਰ ਕੋਈ ਵੀ ਕੰਮ-ਕਾਰ ਜਿਸ ਵਿਚ ਪ੍ਰਸ਼ਨ, ਧਿਆਨ ਦਿਵਾਊ ਨੋਟਿਸ ਅਤੇ ਕਿਸੇ ਪ੍ਰਾਈਵੇਟ ਮੈਂਬਰ ਦੁਆਰਾ ਪੇਸ਼ ਕੀਤੇ ਜਾਣ ਵਾਲਾ ਕੋਈ ਹੋਰ ਕੰਮ-ਕਾਰ ਵੀ ਸ਼ਾਮਲ ਹੈ, ਇਸ ਸਮਾਗਮ ਦੇ ਦੌਰਾਨ ਸਦਨ ਦੇ ਸਾਹਮਣੇ ਨਾ ਲਿਆਂਦਾ ਜਾਵੇ ਜਾਂ ਸਦਨ ਵਿਚ ਨਾ ਕੀਤਾ ਜਾਵੇ ਅਤੇ ਪੰਜਾਬ ਵਿਧਾਨ ਸਭਾ ਦੀ ਕਾਰਜ ਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਵਿਚ ਇਸ ਵਿਸ਼ੇ ਨਾਲ ਸਬੰਧਿਤ ਨਿਯਮ ਉਸ ਹੱਦ ਤੱਕ ਮੁਅੱਤਲ ਕੀਤੇ ਗਏ ਸਮਝੇ ਜਾਣ।"

ਮਾਨਯੋਗ ਸਪੀਕਰ : ਪ੍ਰਸਤਾਵ ਕੀਤਾ –

" ਕਿ ਇਹ ਸਦਨ ਸੰਕਲਪ ਕਰਦਾ ਹੈ ਕਿ ਪੰਜਾਬ ਵਿਧਾਨ ਸਭਾ ਦੇ ਚਾਲੂ ਸਮਾਗਮ ਜੋ ਕੁਝ ਜ਼ਰੂਰੀ ਅਤੇ ਮਹੱਤਵਪੂਰਨ ਸਰਕਾਰੀ ਕੰਮ-ਕਾਰ ਲਈ ਵਿਸ਼ੇਸ਼ ਸਮਾਗਮ ਹੈ, ਦੇ ਦੌਰਾਨ ਕੇਵਲ ਸਰਕਾਰੀ ਕੰਮ-ਕਾਰ ਹੀ ਕੀਤਾ ਜਾਵੇ ਅਤੇ ਹੋਰ ਕੋਈ ਵੀ ਕੰਮ-ਕਾਰ ਜਿਸ ਵਿਚ ਪ੍ਰਸ਼ਨ, ਧਿਆਨ ਦਿਵਾਊ ਨੋਟਿਸ ਅਤੇ ਕਿਸੇ ਪ੍ਰਾਈਵੇਟ ਮੈਂਬਰ ਦੁਆਰਾ ਪੇਸ਼ ਕੀਤੇ ਜਾਣ ਵਾਲਾ ਕੋਈ ਹੋਰ ਕੰਮ-ਕਾਰ ਵੀ ਸ਼ਾਮਲ ਹੈ, ਇਸ ਸਮਾਗਮ ਦੇ ਦੌਰਾਨ ਸਦਨ ਦੇ ਸਾਹਮਣੇ ਨਾ ਲਿਆਂਦਾ ਜਾਵੇ ਜਾਂ ਸਦਨ ਵਿਚ ਨਾ ਕੀਤਾ ਜਾਵੇ ਅਤੇ ਪੰਜਾਬ ਵਿਧਾਨ ਸਭਾ ਦੀ ਕਾਰਜ ਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਵਿਚ ਇਸ ਵਿਸ਼ੇ ਨਾਲ ਸਬੰਧਿਤ ਨਿਯਮ ਉਸ ਹੱਦ ਤੱਕ ਮੁਅੱਤਲ ਕੀਤੇ ਗਏ ਸਮਝੇ ਜਾਣ।"

ਮਾਨਯੋਗ ਸਪੀਕਰ : ਪ੍ਰਸ਼ਨ ਹੈ -

" ਕਿ ਇਹ ਸਦਨ ਸੰਕਲਪ ਕਰਦਾ ਹੈ ਕਿ ਪੰਜਾਬ ਵਿਧਾਨ ਸਭਾ ਦੇ ਚਾਲੂ ਸਮਾਗਮ ਜੋ ਕੁਝ ਜ਼ਰੂਰੀ ਅਤੇ ਮਹੱਤਵਪੂਰਨ ਸਰਕਾਰੀ ਕੰਮ-ਕਾਰ ਲਈ ਵਿਸ਼ੇਸ਼ ਸਮਾਗਮ ਹੈ, ਦੇ ਦੌਰਾਨ ਕੇਵਲ ਸਰਕਾਰੀ ਕੰਮ-ਕਾਰ ਹੀ ਕੀਤਾ ਜਾਵੇ ਅਤੇ ਹੋਰ ਕੋਈ ਵੀ ਕੰਮ-ਕਾਰ ਜਿਸ ਵਿਚ ਪ੍ਰਸ਼ਨ, ਧਿਆਨ ਦਿਵਾਊ ਨੋਟਿਸ ਅਤੇ ਕਿਸੇ ਪ੍ਰਾਈਵੇਟ ਮੈਂਬਰ ਦੁਆਰਾ ਪੇਸ਼ ਕੀਤੇ ਜਾਣ ਵਾਲਾ ਕੋਈ ਹੋਰ ਕੰਮ-ਕਾਰ ਵੀ ਸ਼ਾਮਲ ਹੈ, ਇਸ ਸਮਾਗਮ ਦੇ ਦੌਰਾਨ ਸਦਨ ਦੇ ਸਾਹਮਣੇ ਨਾ ਲਿਆਂਦਾ ਜਾਵੇ ਜਾਂ ਸਦਨ ਵਿਚ ਨਾ ਕੀਤਾ ਜਾਵੇ ਅਤੇ ਪੰਜਾਬ ਵਿਧਾਨ ਸਭਾ ਦੀ ਕਾਰਜ ਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਵਿਚ ਇਸ ਵਿਸ਼ੇ ਨਾਲ ਸਬੰਧਿਤ ਨਿਯਮ ਉਸ ਹੱਦ ਤੱਕ ਮੁਅੱਤਲ ਕੀਤੇ ਗਏ ਸਮਝੇ ਜਾਣ।"

ਪ੍ਰਸਤਾਵ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

PAPERS LAID ON THE TABLE OF THE HOUSE

ਮਾਨਯੋਗ ਸਪੀਕਰ : ਅਗਲੀ ਆਈਟਮ । ਸਦਨ ਦੀ ਮੇਜ਼ ਤੇ ਰੱਖੇ ਜਾਣ ਵਾਲੇ ਕਾਗਜ਼ ਪੱਤਰ। ਸ਼੍ਰੀ ਮਦਨ ਮੋਹਨ ਮਿੱਤਲ ਜੀ।

ਸੰਸਦੀ ਮਾਮਲੇ ਮੰਤਰੀ (ਸ਼੍ਰੀ ਮਦਨ ਮੋਹਨ ਮਿੱਤਲ) : ਸ਼੍ਰੀਮਾਨ ਜੀ, ਮੈਂ ਅੱਜ ਦੀ ਕਾਰਜ-ਸੂਚੀ ਵਿੱਚ ਮੱਦ ਨੰ: IV ਅਧੀਨ ਦਰਸਾਏ ਗਏ ਹੇਠ ਲਿਖੇ ਕਾਗਜ਼-ਪੱਤਰ ਸਦਨ ਦੀ ਮੇਜ਼ ਤੇ ਰੱਖਦਾ ਹਾਂ :-

1. ਪੰਜਾਬ ਵਿਕਾਸ ਫੰਡ ਨਿਯਮ, 2016, ਜਿਵੇਂ ਕਿ ਪੰਜਾਬ ਵਿਕਾਸ ਫੰਡ ਐਕਟ, 2014 ਦੀ ਧਾਰਾ 9 -(3) ਅਧੀਨ ਲੋੜੀਂਦਾ ਹੈ ।
2. ਸਾਲ 2013-14 ਲਈ ਪੰਜਾਬ ਰਾਜ ਬਿਜਲੀ ਕਾਰਪੋਰੇਸ਼ਨ ਲਿਮਟਿਡ ਦੀ ਚੌਥੀ ਸਲਾਨਾ ਰਿਪੋਰਟ, ਜਿਵੇਂ ਕਿ ਕੰਪਨੀਜ਼ ਐਕਟ, 1956 ਦੀ ਧਾਰਾ 619-ਉ ਅਧੀਨ ਲੋੜੀਂਦਾ ਹੈ ।
3. ਸਾਲ 2014-15 ਲਈ ਪੰਜਾਬ ਰਾਜ ਟ੍ਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਟੀ.ਸੀ.ਐਲ.) ਦੀ 5ਵੀਂ ਸਲਾਨਾ ਰਿਪੋਰਟ, ਜਿਵੇਂ ਕਿ ਕੰਪਨੀਜ਼ ਐਕਟ, 1956 ਦੀ ਧਾਰਾ 619-ੳ ਅਧੀਨ

ਲੋੜੀਂਦਾ ਹੈ ।

4. ਸਾਲ 2014-15 ਲਈ ਗਰੇਟਰ ਮੁਹਾਲੀ ਏਰੀਆ ਡਿਵੈਲਪਮੈਂਟ ਅਥਾਰਟੀ (ਗਮਾਡਾ) ਦੇ ਲੇਖਿਆਂ ਦਾ ਸਲਾਨਾ ਵਿਵਰਣ, ਜਿਵੇਂ ਕਿ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ ਐਕਟ, 1995 ਦੀ ਧਾਰਾ 53(5) ਅਧੀਨ ਲੋੜੀਂਦਾ ਹੈ ।

5. ਸਾਲ 2014-15 ਲਈ ਪੰਜਾਬ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ ਅਥਾਰਟੀ (ਪੁੱਡਾ) ਦੇ ਲੇਖਿਆਂ ਦਾ ਸਲਾਨਾ ਵਿਵਰਣ, ਜਿਵੇਂ ਕਿ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ ਐਕਟ, 1995 ਦੀ ਧਾਰਾ 53(5) ਅਧੀਨ ਲੋੜੀਂਦਾ ਹੈ ।

6. ਸਾਲ 2013-14 ਲਈ ਪੰਜਾਬ ਰਾਜ ਵੇਅਰ ਹਾਊਸਿੰਗ ਕਾਰਪੋਰੇਸ਼ਨ ਦੀ 47ਵੀਂ ਸਲਾਨਾ ਰਿਪੋਰਟ, ਜਿਵੇਂ ਕਿ ਵੇਅਰ ਹਾਊਸਿੰਗ ਕਾਰਪੋਰੇਸ਼ਨ ਐਕਟ, 1962 ਦੀ ਧਾਰਾ 31(11) ਅਧੀਨ ਲੋੜੀਂਦਾ ਹੈ ।

7. ਸਾਲ 2014-15 ਲਈ ਪੰਜਾਬ ਸਿਹਤ ਸਿਸਟਮਜ਼ ਕਾਰਪੋਰੇਸ਼ਨ ਦੀ ਸਲਾਨਾ ਰਿਪੋਰਟ, ਜਿਵੇਂ ਕਿ ਪੰਜਾਬ ਸਿਹਤ ਸਿਸਟਮਜ਼ ਕਾਰਪੋਰੇਸ਼ਨ ਐਕਟ, 1996 ਦੀ ਧਾਰਾ 21(4) ਅਧੀਨ ਲੋੜੀਂਦਾ ਹੈ ।

8. ਸਾਲ 2011-12 ਲਈ ਪੰਜਾਬ ਰਾਜ ਮਾਨਵ ਅਧਿਕਾਰ ਕਮਿਸ਼ਨ, ਚੰਡੀਗੜ੍ਹ ਦੇ ਲੇਖਿਆਂ ਤੇ ਵੱਖਰੀ ਆਡਿਟ ਰਿਪੋਰਟ, ਜਿਵੇਂ ਕਿ ਮਾਨਵ ਅਧਿਕਾਰ ਦੀ ਸੁਰੱਖਿਆ ਐਕਟ, 1953 ਦੀ ਧਾਰਾ 35 (4) ਅਧੀਨ ਲੋੜੀਂਦਾ ਹੈ ।

9. ਸਾਲ 2015-16 ਲਈ ਪੰਜਾਬ ਰਾਜ ਉਦਯੋਗਿਕ ਵਿਕਾਸ ਕਾਰਪੋਰੇਸ਼ਨ ਲਿਮਟਿਡ ਦੀ ਸਲਾਨਾ ਪ੍ਰਬੰਧਕੀ ਰਿਪੋਰਟ, ਜਿਵੇਂ ਕਿ ਕੰਪਨੀਜ਼ ਐਕਟ, 1956 ਦੀ ਧਾਰਾ 619-ੳ ਅਧੀਨ ਲੋੜੀਂਦਾ ਹੈ ।

10. ਸਾਲ 2013-14 ਲਈ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਕਾਰਪੋਰੇਸ਼ਨ ਲਿਮਟਿਡ, ਚੰਡੀਗੜ੍ਹ ਦੀ ਸਲਾਨਾ ਰਿਪੋਰਟ ਅਤੇ ਲੇਖੇ, ਜਿਵੇਂ ਕਿ ਕੰਪਨੀਜ਼ ਐਕਟ, 1956 ਦੀ ਧਾਰਾ 619-ੳ ਅਧੀਨ ਲੋੜੀਂਦਾ ਹੈ।

[ਸੰਸਦੀ ਮਾਮਲੇ ਮੰਤਰੀ]

11. ਸਾਲ 2013-14 ਲਈ ਪੰਜਾਬ ਸੂਚਨਾ ਅਤੇ ਸੰਚਾਰ ਤਕਨਾਲੋਜੀ ਕਾਰਪੋਰੇਸ਼ਨ ਲਿਮਟਿਡ ਦੀ 38ਵੀਂ ਸਲਾਨਾ ਰਿਪੋਰਟ, ਜਿਵੇਂ ਕਿ ਕੰਪਨੀਜ਼ ਐਕਟ, 1956 ਦੀ ਧਾਰਾ 619-ੳ ਅਧੀਨ ਲੋੜੀਂਦਾ ਹੈ ।

MOTION UNDER RULE 16

ਸੰਸਦੀ ਮਾਮਲੇ ਮੰਤਰੀ (ਸ਼੍ਰੀ ਮਦਨ ਮੋਹਨ ਮਿੱਤਲ) : ਸ਼੍ਰੀਮਾਨ ਜੀ, ਮੈਂ ਪ੍ਰਸਤਾਵ ਕਰਦਾ ਹਾਂ-

> ਕਿ ਵਿਧਾਨ ਸਭਾ ਅੱਜ ਇਸ ਦੇ ਉਠ ਜਾਣ ਤੇ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਜਾਵੇਗੀ।

ਮਾਨਯੋਗ ਸਪੀਕਰ: ਪ੍ਰਸਤਾਵ ਕੀਤਾ -

> ਕਿ ਵਿਧਾਨ ਸਭਾ ਅੱਜ ਇਸ ਦੇ ਉਠ ਜਾਣ ਤੇ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਜਾਵੇਗੀ।

ਮਾਨਯੋਗ ਸਪੀਕਰ: ਪ੍ਰਸ਼ਨ ਹੈ-

> ਕਿ ਵਿਧਾਨ ਸਭਾ ਅੱਜ ਇਸ ਦੇ ਉਠ ਜਾਣ ਤੇ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਜਾਵੇਗੀ।

ਪ੍ਰਸਤਾਵ ਪ੍ਰਵਾਨ ਹੋਇਆ।

LEGISLATIVE BUSINESS

1. THE PUNJAB WATER SUPPLY AND SEWERAGE BOARD (AMENDEMENT) BILL, 2016

ਮਾਨਯੋਗ ਸਪੀਕਰ: ਹਾਂ ਜੀ, ਸ਼੍ਰੀ ਅਨਿਲ ਜੋਸ਼ੀ ਜੀ, ਪੰਜਾਬ ਜਲ ਸਪਲਾਈ ਅਤੇ ਸੀਵਰੇਜ ਬੋਰਡ (ਸੋਧਨਾ) ਬਿਲ, 2016 ਪੇਸ਼ ਕਰਨ ।

ਸਥਾਨਕ ਸਰਕਾਰ, ਡਾਕਟਰੀ ਸਿੱਖਿਆ ਅਤੇ ਖੋਜ ਮੰਤਰੀ (ਸ਼੍ਰੀ ਅਨਿਲ ਜੋਸ਼ੀ): ਸ਼੍ਰੀਮਾਨ ਜੀ, ਮੈਂ ਪੰਜਾਬ ਜਲ ਸਪਲਾਈ ਅਤੇ ਸੀਵਰੇਜ ਬੋਰਡ (ਸੋਧਨਾ) ਬਿਲ, 2016 ਪੇਸ਼ ਕਰਦਾ ਹਾਂ।

ਸ਼੍ਰੀਮਾਨ ਜੀ, ਮੈਂ ਇਹ ਵੀ ਪ੍ਰਸਤਾਵ ਕਰਦਾ ਹਾਂ -

ਕਿ ਪੰਜਾਬ ਜਲ ਸਪਲਾਈ ਅਤੇ ਸੀਵਰੇਜ ਬੋਰਡ (ਸੋਧਨਾ) ਬਿਲ, 2016 ਤੇ ਤੁਰੰਤ ਵਿਚਾਰ ਕੀਤਾ ਜਾਵੇ।

ਮਾਨਯੋਗ ਸਪੀਕਰ : ਪ੍ਰਸਤਾਵ ਕੀਤਾ-

ਕਿ ਪੰਜਾਬ ਜਲ ਸਪਲਾਈ ਅਤੇ ਸੀਵਰੇਜ ਬੋਰਡ (ਸੋਧਨਾ) ਬਿਲ, 2016 ਤੇ ਤੁਰੰਤ ਵਿਚਾਰ ਕੀਤਾ ਜਾਵੇ।

ਬਹਿਸ, ਜੇਕਰ ਕੋਈ ਹੋਵੇ?

(ਇਸ ਸਮੇਂ ਕੋਈ ਵੀ ਮੈਂਬਰ ਬਹਿਸ ਲਈ ਖੜ੍ਹਾ ਨਹੀਂ ਹੋਇਆ।)

ਮਾਨਯੋਗ ਸਪੀਕਰ : ਪ੍ਰਸ਼ਨ ਹੈ-

ਕਿ ਪੰਜਾਬ ਜਲ ਸਪਲਾਈ ਅਤੇ ਸੀਵਰੇਜ ਬੋਰਡ (ਸੋਧਨਾ) ਬਿਲ, 2016 ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਮਾਨਯੋਗ ਸਪੀਕਰ: ਹੁਣ ਸਦਨ ਬਿਲ ਤੇ ਕਲਾਜ਼-ਵਾਰ ਵਿਚਾਰ ਕਰੇਗਾ।

ਕਲਾਜ਼ 1 ਦੀ ਸਬ-ਕਲਾਜ਼ (2)

ਮਾਨਯੋਗ ਸਪੀਕਰ: ਪ੍ਰਸ਼ਨ ਹੈ-

ਕਿ ਕਲਾਜ਼ 1 ਦੀ ਸਬ-ਕਲਾਜ਼ (2) ਬਿਲ ਦਾ ਹਿੱਸਾ ਹੈ।

ਪ੍ਰਸਤਾਵ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਕਲਾਜ਼ਾਂ 2 ਤੋਂ 4

ਮਾਨਯੋਗ ਸਪੀਕਰ: ਕਿਉਂਜੋ ਕਲਾਜ਼ਾਂ 2 ਤੋਂ 4 ਤੱਕ ਕੋਈ ਸੋਧਨਾ ਨਹੀਂ ਹੈ, ਜੇਕਰ ਸਦਨ ਦੀ ਸਹਿਮਤੀ ਹੋਵੇ ਤਾਂ ਇਹ ਕਲਾਜ਼ਾਂ ਇਕੱਠੀਆਂ ਹੀ ਸਦਨ ਦੀ ਵੋਟਿੰਗ ਲਈ ਰੱਖ ਦਿੱਤੀਆਂ ਜਾਣ?

(**ਅਵਾਜ਼ਾਂ:** ਹਾਂ ਜੀ, ਹਾਂ ਜੀ।)

ਮਾਨਯੋਗ ਸਪੀਕਰ: ਪ੍ਰਸ਼ਨ ਹੈ -

ਕਿ ਕਲਾਜ਼ਾਂ 2 ਤੋਂ 4 ਬਿਲ ਦਾ ਹਿੱਸਾ ਹਨ।

ਪ੍ਰਸਤਾਵ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਕਲਾਜ਼ 1 ਦੀ ਸਬ-ਕਲਾਜ਼ (1)

ਮਾਨਯੋਗ ਸਪੀਕਰ: ਪ੍ਰਸ਼ਨ ਹੈ-

ਕਿ ਕਲਾਜ਼ 1 ਦੀ ਸਬ-ਕਲਾਜ਼ (1) ਬਿਲ ਦਾ ਹਿੱਸਾ ਹੈ।

ਪ੍ਰਸਤਾਵ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਸਿਰਲੇਖ

ਮਾਨਯੋਗ ਸਪੀਕਰ : ਪ੍ਰਸ਼ਨ ਹੈ -

ਕਿ ਸਿਰਲੇਖ ਬਿਲ ਦਾ ਸਿਰਲੇਖ ਬਣੇ।

ਪ੍ਰਸਤਾਵ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਸਥਾਨਕ ਸਰਕਾਰ, ਡਾਕਟਰੀ ਸਿੱਖਿਆ ਅਤੇ ਖੋਜ ਮੰਤਰੀ (ਸ਼੍ਰੀ ਅਨਿਲ ਜੋਸ਼ੀ): ਸਪੀਕਰ ਸਾਹਿਬ, ਜੇ ਤੁਸੀਂ ਕਹੋ ਤਾਂ ਮੈਂ ਇਸ ਬਿਲ ਬਾਰੇ ਥੋੜ੍ਹਾ ਜਿਹਾ ਦੱਸ ਦਿੰਦਾ ਹਾਂ ਕਿਉਂ ਜੋ ਕਿਸੇ ਮੈਂਬਰ ਨੂੰ ਇਸ ਬਿਲ ਬਾਰੇ ਪਤਾ ਨਹੀਂ ਹੈ ਕਿ ਇਹ ਕੀ ਬਿਲ ਹੈ। ਸਪੀਕਰ ਸਾਹਿਬ, ਸੀਵਰੇਜ ਅਤੇ ਵਾਟਰ ਸਪਲਾਈ ਦੇ 1309 ਕਰੋੜ ਰੁਪਏ ਦੇ ਕੰਮ ਅਰਬਨ ਮਿਸ਼ਨ ਅਧੀਨ ਚੱਲ ਰਹੇ ਹਨ ਜਿਨ੍ਹਾਂ ਵਿੱਚ ਅਸੀਂ 35 ਐਸ.ਟੀ.ਪੀ. ਵੀ ਲਗਾ ਰਹੇ ਹਾਂ। ਮਾਨਯੋਗ ਮੁੱਖ ਮੰਤਰੀ ਜੀ ਦਾ ਜੋ ਸਾਰੇ ਸ਼ਹਿਰਾਂ ਵਿਚ ਵਾਟਰ ਸਪਲਾਈ ਤੇ ਸੀਵਰੇਜ ਦਾ ਕੰਮ 100% ਕਰਨ ਦਾ ਮਨਸ਼ਾ ਸੀ, ਉਹ ਉਨ੍ਹਾਂ ਦਾ ਪੂਰਾ ਹੋ ਰਿਹਾ ਹੈ । ਅਸੀਂ ਆਪਣਾ ਵਾਅਦਾ ਪੂਰਾ ਕਰ ਰਹੇ ਹਾਂ। ਇਸ ਨੂੰ ਮੁੱਖ ਰੱਖਦੇ ਹੋਏ ਸੀਵਰੇਜ ਬੋਰਡ ਵਿੱਚ ਚੇਅਰਮੈਨ ਦੇ ਨਾਲ ਨਾਲ ਇੱਕ ਸੀਨੀਅਰ ਵਾਈਸ ਚੇਅਰਮੈਨ ਤੇ ਇੱਕ ਵਾਈਸ ਚੇਅਰਮੈਨ ਲਗਾਉਣ ਦਾ ਉਪਬੰਧ ਕਰਨ ਦੀ ਜ਼ਰੂਰਤ ਮਹਿਸੂਸ ਕੀਤੀ ਗਈ ਸੀ । ਇਸ ਲਈ ਐਕਟ ਵਿੱਚ ਇਹ ਸੋਧ ਕਰਨ ਲਈ ਇਹ ਬਿਲ ਪੇਸ਼ ਕੀਤਾ ਗਿਆ ਹੈ । ਸਪੀਕਰ ਸਾਹਿਬ, ਇਹ ਮੈਂ ਬਰੀਫ ਦੱਸ ਦਿੱਤਾ ਹੈ।

ਸਥਾਨਕ ਸਰਕਾਰ, ਡਾਕਟਰੀ ਸਿੱਖਿਆ ਅਤੇ ਖੋਜ ਮੰਤਰੀ (ਸ਼੍ਰੀ ਅਨਿਲ ਜੋਸ਼ੀ) : ਸ਼੍ਰੀਮਾਨ ਜੀ, ਮੈਂ ਪ੍ਰਸਤਾਵ ਕਰਦਾ ਹਾਂ -

ਕਿ ਪੰਜਾਬ ਜਲ ਸਪਲਾਈ ਅਤੇ ਸੀਵਰੇਜ ਬੋਰਡ (ਸੋਧਨਾ) ਬਿਲ, 2016 ਪਾਸ ਕੀਤਾ ਜਾਵੇ।

ਮਾਨਯੋਗ ਸਪੀਕਰ : ਪ੍ਰਸਤਾਵ ਕੀਤਾ-

> ਕਿ ਪੰਜਾਬ ਜਲ ਸਪਲਾਈ ਅਤੇ ਸੀਵਰੇਜ ਬੋਰਡ (ਸੋਧਨਾ) ਬਿਲ, 2016 ਪਾਸ ਕੀਤਾ ਜਾਵੇ।

ਮਾਨਯੋਗ ਸਪੀਕਰ : ਪ੍ਰਸ਼ਨ ਹੈ–

> ਕਿ ਪੰਜਾਬ ਜਲ ਸਪਲਾਈ ਅਤੇ ਸੀਵਰੇਜ ਬੋਰਡ (ਸੋਧਨਾ) ਬਿਲ, 2016 ਪਾਸ ਕੀਤਾ ਜਾਵੇ।

ਪ੍ਰਸਤਾਵ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

----

2. THE C.T.UNIVERSITY BILL, 2016

ਮਾਨਯੋਗ ਸਪੀਕਰ: ਹਾਂ ਜੀ, ਮੰਤਰੀ ਜੀ ਬਿਲ ਪੇਸ਼ ਕਰਨ ।

ਪੇਂਡੂ ਜਲ ਸਪਲਾਈ ਅਤੇ ਸੈਨੀਟੇਸ਼ਨ ਅਤੇ ਉਚੇਰੀ ਸਿੱਖਿਆ ਤੇ ਭਾਸ਼ਾਵਾਂ ਮੰਤਰੀ (ਸਰਦਾਰ ਸੁਰਜੀਤ ਸਿੰਘ ਰੱਖੜਾ) : ਸ਼੍ਰੀਮਾਨ ਜੀ, ਮੈਂ ਸੀ.ਟੀ. ਯੂਨੀਵਰਸਿਟੀ ਬਿਲ, 2016 ਪੇਸ਼ ਕਰਦਾ ਹਾਂ।

ਸ਼੍ਰੀਮਾਨ ਜੀ, ਮੈਂ ਇਹ ਵੀ ਪ੍ਰਸਤਾਵ ਕਰਦਾ ਹਾਂ –

> ਕਿ ਸੀ.ਟੀ. ਯੂਨੀਵਰਸਿਟੀ ਬਿਲ, 2016 ਤੇ ਤੁਰੰਤ ਵਿਚਾਰ ਕੀਤਾ ਜਾਵੇ।

ਮਾਨਯੋਗ ਸਪੀਕਰ : ਪ੍ਰਸਤਾਵ ਕੀਤਾ –

> ਕਿ ਸੀ.ਟੀ. ਯੂਨੀਵਰਸਿਟੀ ਬਿਲ, 2016 ਤੇ ਤੁਰੰਤ ਵਿਚਾਰ ਕੀਤਾ ਜਾਵੇ।
>
> ਬਹਿਸ, ਜੇਕਰ ਕੋਈ ਹੋਵੇ?

(ਇਸ ਸਮੇਂ ਕੋਈ ਵੀ ਮੈਂਬਰ ਬਹਿਸ ਕਰਨ ਲਈ ਖੜ੍ਹਾ ਨਹੀਂ ਹੋਇਆ।)

ਮਾਨਯੋਗ ਸਪੀਕਰ : ਪ੍ਰਸ਼ਨ ਹੈ –

> ਕਿ ਸੀ.ਟੀ. ਯੂਨੀਵਰਸਿਟੀ ਬਿਲ, 2016 ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਮਾਨਯੋਗ ਸਪੀਕਰ : ਹੁਣ ਸਦਨ ਬਿਲ ਤੇ ਕਲਾਜ਼-ਵਾਰ ਵਿਚਾਰ ਕਰੇਗਾ।

ਕਲਾਜ਼ 1 ਦੀ ਸਬ-ਕਲਾਜ਼ (2)

ਮਾਨਯੋਗ ਸਪੀਕਰ : ਪ੍ਰਸ਼ਨ ਹੈ -

ਕਿ ਕਲਾਜ਼ 1 ਦੀ ਸਬ-ਕਲਾਜ਼ (2) ਬਿਲ ਦਾ ਹਿੱਸਾ ਹੈ।

ਪ੍ਰਸਤਾਵ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਕਲਾਜ਼ਾਂ 2 ਤੋਂ 38

ਮਾਨਯੋਗ ਸਪੀਕਰ : ਕਿਉਂਜੋ ਕਲਾਜ਼ਾਂ 2 ਤੋਂ 38 ਤੱਕ ਕੋਈ ਸੋਧਨਾ ਨਹੀਂ ਹੈ, ਜੇਕਰ ਸਦਨ ਦੀ ਸਹਿਮਤੀ ਹੋਵੇ ਤਾਂ ਇਹ ਕਲਾਜ਼ਾਂ ਇਕੱਠੀਆਂ ਹੀ ਸਦਨ ਦੀ ਵੋਟਿੰਗ ਲਈ ਰੱਖ ਦਿੱਤੀਆਂ ਜਾਣ ?

(**ਅਵਾਜ਼ਾਂ :** ਹਾਂ ਜੀ, ਹਾਂ ਜੀ।)

ਮਾਨਯੋਗ ਸਪੀਕਰ : ਪ੍ਰਸ਼ਨ ਹੈ -

ਕਿ ਕਲਾਜ਼ਾਂ 2 ਤੋਂ 38 ਬਿਲ ਦਾ ਹਿੱਸਾ ਹਨ।

ਪ੍ਰਸਤਾਵ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਕਲਾਜ਼ 1 ਦੀ ਸਬ-ਕਲਾਜ਼ (1)

ਮਾਨਯੋਗ ਸਪੀਕਰ : ਪ੍ਰਸ਼ਨ ਹੈ -

ਕਿ ਕਲਾਜ਼ 1 ਦੀ ਸਬ-ਕਲਾਜ਼ (1) ਬਿਲ ਦਾ ਹਿੱਸਾ ਹੈ।

ਪ੍ਰਸਤਾਵ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਸਿਰਲੇਖ

ਮਾਨਯੋਗ ਸਪੀਕਰ : ਪ੍ਰਸ਼ਨ ਹੈ -

ਕਿ ਸਿਰਲੇਖ ਬਿਲ ਦਾ ਸਿਰਲੇਖ ਬਣੇ।

ਪ੍ਰਸਤਾਵ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਮਾਨਯੋਗ ਸਪੀਕਰ : ਹੁਣ ਮੰਤਰੀ ਸਾਹਿਬ ਪ੍ਰਸਤਾਵ ਕਰਨਗੇ ਕਿ ਬਿਲ ਪਾਸ ਕੀਤਾ ਜਾਵੇ।

ਪੇਂਡੂ ਜਲ ਸਪਲਾਈ ਅਤੇ ਸੈਨੀਟੇਸ਼ਨ ਅਤੇ ਉਚੇਰੀ ਸਿੱਖਿਆ ਤੇ ਭਾਸ਼ਾਵਾਂ ਮੰਤਰੀ (ਸਰਦਾਰ ਸੁਰਜੀਤ ਸਿੰਘ ਰੱਖੜਾ) : ਸ਼੍ਰੀਮਾਨ ਜੀ, ਮੈਂ ਪ੍ਰਸਤਾਵ ਕਰਦਾ ਹਾਂ -

ਕਿ ਸੀ.ਟੀ. ਯੂਨੀਵਰਸਿਟੀ ਬਿਲ, 2016 ਪਾਸ ਕੀਤਾ ਜਾਵੇ।

ਮਾਨਯੋਗ ਸਪੀਕਰ : ਪ੍ਰਸਤਾਵ ਕੀਤਾ –

ਕਿ ਸੀ.ਟੀ. ਯੂਨੀਵਰਸਿਟੀ ਬਿਲ, 2016 ਪਾਸ ਕੀਤਾ ਜਾਵੇ।

ਮਾਨਯੋਗ ਸਪੀਕਰ : ਪ੍ਰਸ਼ਨ ਹੈ –

ਕਿ ਸੀ.ਟੀ. ਯੂਨੀਵਰਸਿਟੀ ਬਿਲ, 2016 ਪਾਸ ਕੀਤਾ ਜਾਵੇ।

ਪ੍ਰਸਤਾਵ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

----

3. THE PUNJAB AD HOC, CONTRACTUAL, DAILY WAGE, TEMPORARY, WORK CHARGED AND OUTSOURCED EMPLOYEES' WELFARE BILL, 2016

ਉਦਯੋਗ ਤੇ ਵਣਜ, ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਅਤੇ ਸੰਸਦੀ ਮਾਮਲੇ ਮੰਤਰੀ (ਸ਼੍ਰੀ ਮਦਨ ਮੋਹਨ ਮਿੱਤਲ): ਸ਼੍ਰੀਮਾਨ ਜੀ, ਮੈਂ ਪੰਜਾਬ ਤਦ-ਅਰਥ, ਠੇਕੇ ਤੇ, ਦਿਹਾੜੀ ਤੇ, ਆਰਜ਼ੀ, ਵਰਕ ਚਾਰਜ਼ਡ ਅਤੇ ਆਊਟਸੋਰਸਡ ਮੁਲਾਜ਼ਮਾਂ ਦੀ ਭਲਾਈ ਬਿਲ, 2016 ਪੇਸ਼ ਕਰਦਾ ਹਾਂ।

ਸ਼੍ਰੀਮਾਨ ਜੀ, ਮੈਂ ਇਹ ਵੀ ਪ੍ਰਸਤਾਵ ਕਰਦਾ ਹਾਂ –

ਕਿ ਪੰਜਾਬ ਤਦ-ਅਰਥ, ਠੇਕੇ ਤੇ, ਦਿਹਾੜੀ ਤੇ, ਆਰਜ਼ੀ, ਵਰਕ ਚਾਰਜ਼ਡ ਅਤੇ ਆਊਟਸੋਰਸਡ ਮੁਲਾਜ਼ਮਾਂ ਦੀ ਭਲਾਈ ਬਿਲ, 2016 ਤੇ ਤੁਰੰਤ ਵਿਚਾਰ ਕੀਤਾ ਜਾਵੇ।

ਮਾਨਯੋਗ ਸਪੀਕਰ : ਪ੍ਰਸਤਾਵ ਕੀਤਾ –

ਕਿ ਪੰਜਾਬ ਤਦ-ਅਰਥ, ਠੇਕੇ ਤੇ, ਦਿਹਾੜੀ ਤੇ, ਆਰਜ਼ੀ, ਵਰਕ ਚਾਰਜ਼ਡ ਅਤੇ ਆਊਟਸੋਰਸਡ ਮੁਲਾਜ਼ਮਾਂ ਦੀ ਭਲਾਈ ਬਿਲ, 2016 ਤੇ ਤੁਰੰਤ ਵਿਚਾਰ ਕੀਤਾ ਜਾਵੇ।

ਬਹਿਸ, ਜੇਕਰ ਕੋਈ ਹੋਵੇ?

(ਇਸ ਸਮੇਂ ਕੋਈ ਵੀ ਮੈਂਬਰ ਬਹਿਸ ਕਰਨ ਲਈ ਖੜ੍ਹਾ ਨਹੀਂ ਹੋਇਆ।)

ਮਾਨਯੋਗ ਸਪੀਕਰ : ਪ੍ਰਸ਼ਨ ਹੈ –

ਕਿ ਪੰਜਾਬ ਤਦ-ਅਰਥ, ਠੇਕੇ ਤੇ, ਦਿਹਾੜੀ ਤੇ, ਆਰਜ਼ੀ, ਵਰਕ ਚਾਰਜ਼ਡ ਅਤੇ ਆਊਟਸੋਰਸਡ ਮੁਲਾਜ਼ਮਾਂ ਦੀ ਭਲਾਈ ਬਿਲ, 2016 ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਮਾਨਯੋਗ ਸਪੀਕਰ : ਹੁਣ ਸਦਨ ਬਿਲ ਤੇ ਕਲਾਜ਼-ਵਾਰ ਵਿਚਾਰ ਕਰੇਗਾ।

ਕਲਾਜ਼ 1 ਦੀ ਸਬ-ਕਲਾਜ਼ (2)

ਮਾਨਯੋਗ ਸਪੀਕਰ : ਪ੍ਰਸ਼ਨ ਹੈ –

ਕਿ ਕਲਾਜ਼ 1 ਦੀ ਸਬ-ਕਲਾਜ਼ (2) ਬਿਲ ਦਾ ਹਿੱਸਾ ਹੈ।

ਪ੍ਰਸਤਾਵ ਪ੍ਰਵਾਨ ਹੋਇਆ।

ਕਲਾਜ਼ਾਂ 2 ਤੋਂ 14

ਮਾਨਯੋਗ ਸਪੀਕਰ : ਕਿਉਂਜੋ ਕਲਾਜ਼ਾਂ 2 ਤੋਂ 14 ਤੱਕ ਕੋਈ ਸੋਧਨਾ ਨਹੀਂ ਹੈ, ਜੇਕਰ ਸਦਨ ਦੀ ਸਹਿਮਤੀ ਹੋਵੇ ਤਾਂ ਇਹ ਕਲਾਜ਼ਾਂ ਇਕੱਠੀਆਂ ਹੀ ਸਦਨ ਦੀ ਵੋਟਿੰਗ ਲਈ ਰੱਖ ਦਿੱਤੀਆਂ ਜਾਣ?

(**ਅਵਾਜ਼ਾਂ :** ਹਾਂ ਜੀ, ਹਾਂ ਜੀ।)

ਮਾਨਯੋਗ ਸਪੀਕਰ : ਪ੍ਰਸ਼ਨ ਹੈ –

ਕਿ ਕਲਾਜ਼ਾਂ 2 ਤੋਂ 14 ਬਿਲ ਦਾ ਹਿੱਸਾ ਹਨ।

ਪ੍ਰਸਤਾਵ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਕਲਾਜ਼ 1 ਦੀ ਸਬ-ਕਲਾਜ਼ (1)

ਮਾਨਯੋਗ ਸਪੀਕਰ: ਪ੍ਰਸ਼ਨ ਹੈ–

ਕਿ ਕਲਾਜ਼ 1 ਦੀ ਸਬ-ਕਲਾਜ਼ (1) ਬਿਲ ਦਾ ਹਿੱਸਾ ਹੈ।

ਪ੍ਰਸਤਾਵ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਸਿਰਲੇਖ

ਮਾਨਯੋਗ ਸਪੀਕਰ: ਪ੍ਰਸ਼ਨ ਹੈ–

ਕਿ ਸਿਰਲੇਖ ਬਿਲ ਦਾ ਸਿਰਲੇਖ ਬਣੇ।

ਪ੍ਰਸਤਾਵ ਪ੍ਰਵਾਨ ਹੋਇਆ।

ਮਾਨਯੋਗ ਸਪੀਕਰ: ਹੁਣ ਮੰਤਰੀ ਜੀ ਪ੍ਰਸਤਾਵ ਕਰਨਗੇ ਕਿ ਬਿਲ ਪਾਸ ਕੀਤਾ ਜਾਵੇ।

ਉਦਯੋਗ ਤੇ ਵਣਜ, ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਅਤੇ ਸੰਸਦੀ ਮਾਮਲੇ ਮੰਤਰੀ (ਸ਼੍ਰੀ ਮਦਨ ਮੋਹਨ ਮਿੱਤਲ): ਸਪੀਕਰ ਸਾਹਿਬ, ਮੇਰੀ ਬੇਨਤੀ ਹੈ ਕਿ ਮੈਂ ਇਸ ਬਿਲ ਬਾਰੇ ਦੋ ਅੱਖਰ ਕਹਿਣਾ ਚਾਹੁੰਦਾ ਹਾਂ । ਕੀ ਮੈਂ ਬੋਲ ਲਵਾਂ ਜੀ?

ਮਾਨਯੋਗ ਸਪੀਕਰ : ਕੀ ਇਸ ਦੀ ਕੁਰੈਕਸ਼ਨ ਕਰਨੀ ਹੈ? ਕੀ ਕੋਈ ਅਮੈਂਡਮੈਂਟ ਹੈ? ਚਲੋ, ਬੋਲੋ ਜੀ।

ਉਦਯੋਗ ਤੇ ਵਣਜ, ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਅਤੇ ਸੰਸਦੀ ਮਾਮਲੇ ਮੰਤਰੀ (ਸ਼੍ਰੀ ਮਦਨ ਮੋਹਨ ਮਿੱਤਲ): ਸਪੀਕਰ ਸਾਹਿਬ, ਮੈਂ ਇਸ ਵਿੱਚ ਕੁਝ ਐਡ ਕਰਨਾ ਚਾਹੁੰਦਾ ਹਾਂ ਜੀ। ਸਰ, ਇਹ ਪੰਜਾਬ ਦੀ ਹਿਸਟਰੀ ਵਿੱਚ ਬੜਾ ਇਤਿਹਾਸਕ ਬਿਲ ਹੈ। ਇੰਨੀ ਵੱਡੀ ਗਿਣਤੀ ਵਿੱਚ ਕਰਮਚਾਰੀਆਂ ਨੂੰ, ਜਿਹੜੇ ਐਡਹਾਕ ਤੇ ਹਨ, ਕੰਟ੍ਰੈਕਟਚੂਅਲ ਬੇਸ ਤੇ ਹਨ ਅਤੇ ਜਿਨ੍ਹਾਂ ਦਾ ਫਿਊਚਰ ਬੜਾ ਹੀ ਅਨਸਰਟਨਿਡ ਸੀ, ਉਨ੍ਹਾਂ ਨੂੰ ਪੰਜਾਬ ਸਰਕਾਰ ਨੇ ਇੰਨੀ ਵੱਡੀ ਗਿਣਤੀ ਵਿੱਚ ਰੈਗੂਲਰ ਕਰਨ ਦਾ ਬਿਲ ਅੱਜ ਇਸ ਪਵਿੱਤਰ ਸਦਨ ਵਿੱਚ ਪੇਸ਼ ਕੀਤਾ ਹੈ। (ਥੰਪਿੰਗ) ਮੈਂ ਸਮਝਦਾ ਹਾਂ ਕਿ ਅੱਜ ਇਹ ਬਹੁਤ ਹੀ ਵੱਡਾ ਭਲਾਈ ਦਾ ਕੰਮ ਹੋਇਆ ਹੈ। ਇਸ ਦਾ ਬੜਾ ਅਫਸੋਸ ਹੈ ਕਿ ਅੱਜ ਸਾਡੀ ਵਿਰੋਧੀ ਧਿਰ ਦਾ ਕੋਈ ਵੀ ਮੈਂਬਰ ਇੱਥੇ ਹਾਜ਼ਰ ਨਹੀਂ ਹੈ। ਇਸ ਦਾ ਮਤਲਬ ਇਹ ਹੈ ਕਿ ਉਹ ਇਸ ਦੇ ਨਾਲ ਸਹਿਮਤ ਨਹੀਂ ਹਨ। ਇੱਕ ਪਾਸੇ ਤਾਂ ਉਹ ਦਾਅਵਾ ਕਰਦੇ ਹਨ ਕਿ ਸਾਡੀ ਸਰਕਾਰ ਬਣਾਉ, ਅਸੀਂ ਹਰ ਘਰ ਲਈ ਇੱਕ ਨੌਕਰੀ ਦੇਵਾਂਗੇ ਪਰ ਉਨ੍ਹਾਂ ਦਾ ਰਿਕਾਰਡ ਇਹ ਹੈ ਕਿ ਸਾਲ 2002 ਤੋਂ 2007 ਤੱਕ ਉਨ੍ਹਾਂ ਦੀ ਸਰਕਾਰ ਰਹੀ, not even a single man was appointed in Government service except the politicial appointments. ਉਨ੍ਹਾਂ ਨੇ ਪੁਲੀਟੀਕਲ ਐਪੁਆਇੰਟਮੈਂਟਸ ਕੀਤੀਆਂ, ਉਹ ਤਾਂ ਹਰ ਸਰਕਾਰ ਕਰਦੀ ਹੈ। ਲੇਕਿਨ ਇਨ੍ਹਾਂ ਦੇ ਵੇਲੇ ਜੇਕਰ ਕੋਈ ਸਰਕਾਰੀ ਕਰਮਚਾਰੀ ਰਿਟਾਇਰ ਹੋ ਜਾਂਦਾ ਸੀ ਤਾਂ ਉਸ ਖਾਲੀ ਪੋਸਟ ਨੂੰ ਭਰਨ ਦੀ

[ਉਦਯੋਗ ਤੇ ਵਣਜ, ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਅਤੇ ਸੰਸਦੀ ਮਾਮਲੇ ਮੰਤਰੀ]

ਬਜਾਏ ਉਸ ਪੋਸਟ ਨੂੰ ਹੀ ਅਬਾਲਿਸ਼ ਕਰ ਦਿੱਤਾ ਜਾਂਦਾ ਸੀ, ਉਸ ਨੂੰ ਭਰਨਾ ਤਾਂ ਦੂਰ ਦੀ ਗੱਲ ਸੀ। ਇਸ ਦਾ ਮਤਲਬ ਹੈ ਕਿ ਉਨ੍ਹਾਂ ਦਾ ਅੱਜ ਇੱਥੇ ਨਾ ਆਉਣਾ ਵੀ ਇਹ ਸ਼ੋਅ ਕਰਦਾ ਹੈ ਕਿ ਉਹ ਕਰਮਚਾਰੀਆਂ ਦੇ ਹਿਤੈਸ਼ੀ ਨਹੀਂ ਹਨ ਸਗੋਂ ਕਰਮਚਾਰੀਆਂ ਦੇ ਵਿਰੋਧੀ ਹਨ। ਸੋ, ਮੈਂ ਅੱਜ ਦੇ ਇਸ ਫੈਸਲੇ ਤੇ ਜਿੱਥੇ ਸਰਦਾਰ ਪਰਕਾਸ਼ ਸਿੰਘ ਬਾਦਲ, ਮੁੱਖ ਮੰਤਰੀ, ਪੰਜਾਬ ਦੀ ਸਰਕਾਰ ਨੂੰ ਵਧਾਈ ਦਿੰਦਾ ਹਾਂ, ਨਾਲ ਹੀ ਪੰਜਾਬ ਸਰਕਾਰ ਦੇ ਕਰਮਚਾਰੀਆਂ ਨੂੰ ਵੀ ਇਸ ਗੱਲ ਦੀ ਵਧਾਈ ਦਿੰਦਾ ਹਾਂ ਕਿ ਤੁਹਾਨੂੰ ਇੰਨਾ ਵੱਡਾ ਮੌਕਾ ਦੇ ਕੇ ਇਸ ਸਰਕਾਰ ਨੇ ਰੈਗੂਲਰ ਕਰਨ ਦਾ ਉਪਰਾਲਾ ਕੀਤਾ ਹੈ।

ਦੂਸਰੀ ਗੱਲ, ਜਿਹੜੇ ਆਊਟਸੋਰਸਡ ਭਰਤੀ ਹੋਏ ਮੁਲਾਜ਼ਮ ਹਨ, ਉਨ੍ਹਾਂ ਵਾਸਤੇ ਵੀ ਸਰਕਾਰ ਨੇ ਇਹ ਕਿਹਾ ਹੈ ਕਿ ਜਿਸ ਦੀ ਤਿੰਨ ਸਾਲ ਦੀ ਸਰਵਿਸ ਹੋ ਜਾਇਆ ਕਰੇਗੀ, ਹੁਣ ਉਨ੍ਹਾਂ ਦਾ ਆਊਟਸੋਰਸ ਦੇ ਕੰਟਰੈਕਟ ਦੀ ਬਜਾਏ, ਡਾਇਰੈਕਟ ਕੰਟਰੈਕਟ ਸਰਕਾਰ ਨਾਲ ਹੋ ਜਾਵੇਗਾ। ਤਿੰਨ ਸਾਲ ਦੀ ਸਰਵਿਸ ਤੋਂ ਬਾਅਦ ਉਹ ਵੀ ਰੈਗੂਲਰਾਈਜ਼ ਦੇ ਚੈਨਲ ਵਿੱਚ ਆ ਜਾਣਗੇ ਔਰ ਰੈਗੂਲਰ ਹੋ ਜਾਣਗੇ।

ਸਪੀਕਰ ਸਾਹਿਬ, ਇਸ ਵਿੱਚ 'ਡੀ ਕੈਟਾਗਰੀ' ਦੇ ਇੰਪਲਾਈਜ਼ ਲਈ ਇੱਕ ਹੋਰ ਬਹੁਤ ਵੱਡਾ ਫੈਸਲਾ ਲਿਆ ਗਿਆ ਹੈ ਕਿ ਜਿਹੜੇ 'ਡੀ' ਕੈਟਾਗਰੀ ਦੇ ਇੰਪਲਾਈਜ਼ ਹਨ, ਅਗਰ ਉਹ ਤਿੰਨ ਸਾਲ ਤੋਂ ਕੰਮ ਕਰ ਰਹੇ ਹਨ, ਕੰਟਰੈਕਟ ਬੇਸਿਜ਼ ਤੇ ਹਨ ਅਤੇ ਜੋ ਕੈਟਾਗਰੀਆਂ ਇਸ ਵਿੱਚ ਡਿਫਾਈਨ ਕੀਤੀਆਂ ਹਨ, ਉਨ੍ਹਾਂ ਦਾ ਰਿਕਰੂਟਮੈਂਟ ਦਾ ਚੈਨਲ ਪਾਰਦਰਸ਼ੀ ਤਰੀਕੇ ਨਾਲ ਹੋਵੇ ਜਾਂ ਕਿਸ ਤਰ੍ਹਾਂ ਹੋਵੇ, ਇਸ ਗੱਲ ਤੇ ਉਨ੍ਹਾਂ ਨੂੰ ਛੋਟ ਦੇ ਦਿੱਤੀ ਗਈ ਹੈ, ਕਿਉਂਕਿ ਉਨ੍ਹਾਂ ਦੀ ਭਰਤੀ ਕਲਾਸ-4 ਦੇ ਤੌਰ ਤੇ ਹੋਈ ਹੈ, ਕਲਾਸ-4 ਦੀ ਭਰਤੀ ਲਈ ਕੀ ਪ੍ਰੋਸੀਜਰ ਅਡਾਪਟ ਕੀਤਾ ਜਾ ਸਕਦਾ ਹੈ? ਇਸ ਲਈ ਪੰਜਾਬ ਸਰਕਾਰ ਦਾ ਇਹ ਫੈਸਲਾ ਅੱਜ ਬੜਾ ਇਤਿਹਾਸਕ ਫੈਸਲਾ ਹੈ। ਸਪੀਕਰ ਸਾਹਿਬ, ਮੈਂ ਤੁਹਾਨੂੰ ਵਧਾਈ ਦਿੰਦਾ ਹਾਂ ਕਿ ਤੁਹਾਡੀ ਅਧਿਅਕਸ਼ਤਾ ਵਿੱਚ ਇਹ ਫੈਸਲਾ ਲਾਗੂ ਹੋ ਰਿਹਾ ਹੈ ਔਰ ਲਾਗੂ ਹੋਣ ਤੋਂ ਬਾਅਦ ਪੰਜਾਬ ਦੇ ਕਰਮਚਾਰੀਆਂ ਨੂੰ ਇੱਕ ਨਵਾਂ ਉਤਸ਼ਾਹ ਮਿਲੇਗਾ ਅਤੇ ਕੰਮ ਕਰਨ ਦੀ ਨਵੀਂ ਸਪਿਰਟ ਦੇ ਨਾਲ ਪੰਜਾਬ ਦਾ ਬਹੁਤ ਵੱਡਾ ਭਲਾ ਹੋਵੇਗਾ। ਪੰਜਾਬ ਸਰਕਾਰ ਦੇ ਕਰਮਚਾਰੀ ਪੰਜਾਬ ਰਾਜ ਦੀ ਸੇਵਾ ਕਰਨ ਵਿੱਚ ਹੋਰ ਉਤਸ਼ਾਹ ਮਹਿਸੂਸ ਕਰਨਗੇ। ਸੋ, ਇਨ੍ਹਾਂ

ਸ਼ਬਦਾਂ ਨਾਲ ਮੈਂ ਬੇਨਤੀ ਕਰਦਾ ਹਾਂ ਕਿ ਇਹ ਬਿਲ ਪਾਸ ਕੀਤਾ ਜਾਵੇ।

ਉਦਯੋਗ ਤੇ ਵਣਜ, ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਅਤੇ ਸੰਸਦੀ ਮਾਮਲੇ ਮੰਤਰੀ (ਸ਼੍ਰੀ ਮਦਨ ਮੋਹਨ ਮਿੱਤਲ): ਸ਼੍ਰੀਮਾਨ ਜੀ, ਮੈਂ ਪ੍ਰਸਤਾਵ ਕਰਦਾ ਹਾਂ–

> ਕਿ ਪੰਜਾਬ ਤਦ-ਅਰਥ, ਠੇਕੇ ਤੇ, ਦਿਹਾੜੀ ਤੇ, ਆਰਜ਼ੀ, ਵਰਕ-ਚਾਰਜ਼ਡ ਅਤੇ ਆਊਟਸੋਰਸਡ ਮੁਲਾਜ਼ਮਾਂ ਦੀ ਭਲਾਈ ਬਿਲ, 2016 ਪਾਸ ਕੀਤਾ ਜਾਵੇ।

ਮਾਨਯੋਗ ਸਪੀਕਰ: ਪ੍ਰਸਤਾਵ ਕੀਤਾ–

> ਕਿ ਪੰਜਾਬ ਤਦ-ਅਰਥ, ਠੇਕੇ ਤੇ, ਦਿਹਾੜੀ ਤੇ, ਆਰਜ਼ੀ, ਵਰਕ-ਚਾਰਜ਼ਡ ਅਤੇ ਆਊਟਸੋਰਸਡ ਮੁਲਾਜ਼ਮਾਂ ਦੀ ਭਲਾਈ ਬਿਲ, 2016 ਪਾਸ ਕੀਤਾ ਜਾਵੇ।

ਮਾਨਯੋਗ ਸਪੀਕਰ: ਪ੍ਰਸ਼ਨ ਹੈ–

> ਕਿ ਪੰਜਾਬ ਤਦ-ਅਰਥ, ਠੇਕੇ ਤੇ, ਦਿਹਾੜੀ ਤੇ, ਆਰਜ਼ੀ, ਵਰਕ-ਚਾਰਜ਼ਡ ਅਤੇ ਆਊਟਸੋਰਸਡ ਮੁਲਾਜ਼ਮਾਂ ਦੀ ਭਲਾਈ ਬਿਲ, 2016 ਪਾਸ ਕੀਤਾ ਜਾਵੇ।

ਪ੍ਰਸਤਾਵ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

----

4. THE PUNJAB REGULATION OF FEE OF UNAIDED EDUCATIONAL INSTITUTIONS BILL, 2016

ਮਾਨਯੋਗ ਸਪੀਕਰ : ਸਿੱਖਿਆ ਮੰਤਰੀ ਜੀ ਬਿਲ ਪੇਸ਼ ਕਰਨ।

ਸਿੱਖਿਆ ਮੰਤਰੀ (ਡਾਕਟਰ ਦਲਜੀਤ ਸਿੰਘ ਚੀਮਾ): ਸ਼੍ਰੀਮਾਨ ਜੀ, ਮੈਂ ਪੰਜਾਬ ਗੈਰ ਸਹਾਇਤਾ ਪ੍ਰਾਪਤ ਵਿਦਿਅਕ ਅਦਾਰਿਆਂ ਦੀ ਫੀਸ ਨੂੰ ਨਿਯਮਿਤ ਕਰਨ ਸਬੰਧੀ ਬਿਲ, 2016 ਪੇਸ਼ ਕਰਦਾ ਹਾਂ।

ਸ਼੍ਰੀਮਾਨ ਜੀ, ਮੈਂ ਇਹ ਵੀ ਪ੍ਰਸਤਾਵ ਕਰਦਾ ਹਾਂ –

> ਕਿ ਪੰਜਾਬ ਗੈਰ ਸਹਾਇਤਾ ਪ੍ਰਾਪਤ ਵਿਦਿਅਕ ਅਦਾਰਿਆਂ ਦੀ ਫੀਸ ਨੂੰ ਨਿਯਮਿਤ ਕਰਨ ਸਬੰਧੀ ਬਿਲ, 2016 ਤੇ ਤੁਰੰਤ ਵਿਚਾਰ ਕੀਤਾ ਜਾਵੇ।

ਮਾਨਯੋਗ ਸਪੀਕਰ : ਪ੍ਰਸਤਾਵ ਕੀਤਾ –

ਕਿ ਪੰਜਾਬ ਗੈਰ ਸਹਾਇਤਾ ਪ੍ਰਾਪਤ ਵਿਦਿਅਕ ਅਦਾਰਿਆਂ ਦੀ ਫੀਸ ਨੂੰ ਨਿਯਮਿਤ ਕਰਨ ਸਬੰਧੀ ਬਿਲ, 2016 ਤੇ ਤੁਰੰਤ ਵਿਚਾਰ ਕੀਤਾ ਜਾਵੇ।

ਬਹਿਸ, ਜੇਕਰ ਕੋਈ ਹੋਵੇ?

(ਇਸ ਸਮੇਂ ਕੋਈ ਵੀ ਮੈਂਬਰ ਬਹਿਸ ਕਰਨ ਲਈ ਖੜ੍ਹਾ ਨਹੀਂ ਹੋਇਆ ।)

ਮਾਨਯੋਗ ਸਪੀਕਰ : ਪ੍ਰਸ਼ਨ ਹੈ –

ਕਿ ਪੰਜਾਬ ਗੈਰ ਸਹਾਇਤਾ ਪ੍ਰਾਪਤ ਵਿਦਿਅਕ ਅਦਾਰਿਆਂ ਦੀ ਫੀਸ ਨੂੰ ਨਿਯਮਿਤ ਕਰਨ ਸਬੰਧੀ ਬਿਲ, 2016 ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਪ੍ਰਵਾਨ ਹੋਇਆ।

ਮਾਨਯੋਗ ਸਪੀਕਰ : ਹੁਣ ਸਦਨ ਬਿਲ ਤੇ ਕਲਾਜ਼-ਵਾਰ ਵਿਚਾਰ ਕਰੇਗਾ।

ਕਲਾਜ਼ 1 ਦੀ ਸਬ-ਕਲਾਜ਼ (2)

ਮਾਨਯੋਗ ਸਪੀਕਰ : ਪ੍ਰਸ਼ਨ ਹੈ –

ਕਿ ਕਲਾਜ਼ 1 ਦੀ ਸਬ-ਕਲਾਜ਼ (2) ਬਿਲ ਦਾ ਹਿੱਸਾ ਹੈ।

ਪ੍ਰਸਤਾਵ ਪ੍ਰਵਾਨ ਹੋਇਆ।

ਕਲਾਜ਼ਾਂ 2 ਤੋਂ 23

ਮਾਨਯੋਗ ਸਪੀਕਰ : ਕਿਉਂਜੋ ਕਲਾਜ਼ਾਂ 2 ਤੋਂ 23 ਤੱਕ ਕੋਈ ਸੋਧਨਾ ਨਹੀਂ ਹੈ, ਜੇਕਰ ਸਦਨ ਦੀ ਸਹਿਮਤੀ ਹੋਵੇ ਤਾਂ ਇਹ ਕਲਾਜ਼ਾਂ ਇਕੱਠੀਆਂ ਹੀ ਸਦਨ ਦੀ ਵੋਟਿੰਗ ਲਈ ਰੱਖ ਦਿੱਤੀਆਂ ਜਾਣ ?

(**ਅਵਾਜ਼ਾਂ :** ਹਾਂ ਜੀ, ਹਾਂ ਜੀ)

ਮਾਨਯੋਗ ਸਪੀਕਰ : ਪ੍ਰਸ਼ਨ ਹੈ –

ਕਿ ਕਲਾਜ਼ਾਂ 2 ਤੋਂ 23 ਬਿਲ ਦਾ ਹਿੱਸਾ ਹਨ।

ਪ੍ਰਸਤਾਵ ਪ੍ਰਵਾਨ ਹੋਇਆ।

ਕਲਾਜ਼ 1 ਦੀ ਸਬ-ਕਲਾਜ਼ (1)

ਮਾਨਯੋਗ ਸਪੀਕਰ : ਪ੍ਰਸ਼ਨ ਹੈ -

ਕਿ ਕਲਾਜ਼ 1 ਦੀ ਸਬ-ਕਲਾਜ਼ (1) ਬਿਲ ਦਾ ਹਿੱਸਾ ਹੈ।

ਪ੍ਰਸਤਾਵ ਪ੍ਰਵਾਨ ਹੋਇਆ।

ਸਿਰਲੇਖ

ਮਾਨਯੋਗ ਸਪੀਕਰ : ਪ੍ਰਸ਼ਨ ਹੈ -

ਕਿ ਸਿਰਲੇਖ ਬਿਲ ਦਾ ਸਿਰਲੇਖ ਬਣੇ।

ਪ੍ਰਸਤਾਵ ਪ੍ਰਵਾਨ ਹੋਇਆ।

ਮਾਨਯੋਗ ਸਪੀਕਰ : ਹੁਣ ਮੰਤਰੀ ਸਾਹਿਬ ਪ੍ਰਸਤਾਵ ਕਰਨਗੇ ਕਿ ਬਿਲ ਪਾਸ ਕੀਤਾ ਜਾਵੇ।

ਸਿੱਖਿਆ ਮੰਤਰੀ (ਡਾਕਟਰ ਦਲਜੀਤ ਸਿੰਘ ਚੀਮਾ): ਸ਼੍ਰੀਮਾਨ ਜੀ, ਮੈਂ ਪ੍ਰਸਤਾਵ ਕਰਦਾ ਹਾਂ -

ਕਿ ਪੰਜਾਬ ਗੈਰ ਸਹਾਇਤਾ ਪ੍ਰਾਪਤ ਵਿਦਿਅਕ ਅਦਾਰਿਆਂ ਦੀ ਫੀਸ ਨੂੰ ਨਿਯਮਿਤ ਕਰਨ ਸਬੰਧੀ ਬਿਲ, 2016 ਪਾਸ ਕੀਤਾ ਜਾਵੇ।

ਮਾਨਯੋਗ ਸਪੀਕਰ : ਪ੍ਰਸਤਾਵ ਕੀਤਾ -

ਕਿ ਪੰਜਾਬ ਗੈਰ ਸਹਾਇਤਾ ਪ੍ਰਾਪਤ ਵਿਦਿਅਕ ਅਦਾਰਿਆਂ ਦੀ ਫੀਸ ਨੂੰ ਨਿਯਮਿਤ ਕਰਨ ਸਬੰਧੀ ਬਿਲ, 2016 ਪਾਸ ਕੀਤਾ ਜਾਵੇ।

ਮਾਨਯੋਗ ਸਪੀਕਰ : ਪ੍ਰਸ਼ਨ ਹੈ -

ਕਿ ਪੰਜਾਬ ਗੈਰ ਸਹਾਇਤਾ ਪ੍ਰਾਪਤ ਵਿਦਿਅਕ ਅਦਾਰਿਆਂ ਦੀ ਫੀਸ ਨੂੰ ਨਿਯਮਿਤ ਕਰਨ ਸਬੰਧੀ ਬਿਲ, 2016 ਪਾਸ ਕੀਤਾ ਜਾਵੇ।

ਪ੍ਰਸਤਾਵ ਪ੍ਰਵਾਨ ਹੋਇਆ।

----

5. THE PUNJAB SCHOOL EDUCATION BOARD (AMENDMENT) BILL, 2016

ਮਾਨਯੋਗ ਸਪੀਕਰ : ਮੰਤਰੀ ਜੀ ਬਿਲ ਪੇਸ਼ ਕਰਨ।

ਸਿੱਖਿਆ ਮੰਤਰੀ (ਡਾਕਟਰ ਦਲਜੀਤ ਸਿੰਘ ਚੀਮਾ): ਸ਼੍ਰੀਮਾਨ ਜੀ, ਮੈਂ ਪੰਜਾਬ ਸਕੂਲ ਸਿੱਖਿਆ ਬੋਰਡ (ਸੋਧਨਾ) ਬਿਲ, 2016 ਪੇਸ਼ ਕਰਦਾ ਹਾਂ।

ਸ਼੍ਰੀਮਾਨ ਜੀ, ਮੈਂ ਇਹ ਵੀ ਪ੍ਰਸਤਾਵ ਕਰਦਾ ਹਾਂ –

ਕਿ ਪੰਜਾਬ ਸਕੂਲ ਸਿੱਖਿਆ ਬੋਰਡ (ਸੋਧਨਾ) ਬਿਲ, 2016 ਤੇ ਤੁਰੰਤ ਵਿਚਾਰ ਕੀਤਾ ਜਾਵੇ।

ਮਾਨਯੋਗ ਸਪੀਕਰ : ਪ੍ਰਸਤਾਵ ਕੀਤਾ –

ਕਿ ਪੰਜਾਬ ਸਕੂਲ ਸਿੱਖਿਆ ਬੋਰਡ (ਸੋਧਨਾ) ਬਿਲ, 2016 ਤੇ ਤੁਰੰਤ ਵਿਚਾਰ ਕੀਤਾ ਜਾਵੇ।

ਬਹਿਸ, ਜੇਕਰ ਕੋਈ ਹੋਵੇ?

(ਇਸ ਸਮੇਂ ਕੋਈ ਵੀ ਮੈਂਬਰ ਬਹਿਸ ਕਰਨ ਲਈ ਖੜ੍ਹਾ ਨਹੀਂ ਹੋਇਆ।)

ਮਾਨਯੋਗ ਸਪੀਕਰ : ਪ੍ਰਸ਼ਨ ਹੈ –

ਕਿ ਪੰਜਾਬ ਸਕੂਲ ਸਿੱਖਿਆ ਬੋਰਡ (ਸੋਧਨਾ) ਬਿਲ, 2016 ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਪ੍ਰਵਾਨ ਹੋਇਆ।

ਮਾਨਯੋਗ ਸਪੀਕਰ : ਹੁਣ ਸਦਨ ਬਿਲ ਤੇ ਕਲਾਜ਼-ਵਾਰ ਵਿਚਾਰ ਕਰੇਗਾ।

ਕਲਾਜ਼ 1 ਦੀ ਸਬ-ਕਲਾਜ਼ (2)

ਮਾਨਯੋਗ ਸਪੀਕਰ : ਪ੍ਰਸ਼ਨ ਹੈ –

ਕਿ ਕਲਾਜ਼ 1 ਦੀ ਸਬ-ਕਲਾਜ਼ (2) ਬਿਲ ਦਾ ਹਿੱਸਾ ਹੈ।

ਪ੍ਰਸਤਾਵ ਪ੍ਰਵਾਨ ਹੋਇਆ।

ਕਲਾਜ਼ਾਂ 2 ਤੋਂ 11

ਮਾਨਯੋਗ ਸਪੀਕਰ : ਕਿਉਂਜੋ ਕਲਾਜ਼ਾਂ 2 ਤੋਂ 11 ਤੱਕ ਕੋਈ ਸੋਧਨਾ ਨਹੀਂ ਹੈ, ਜੇਕਰ ਸਦਨ ਦੀ ਸਹਿਮਤੀ ਹੋਵੇ ਤਾਂ ਇਹ ਕਲਾਜ਼ਾਂ ਇਕੱਠੀਆਂ ਹੀ ਸਦਨ ਦੀ ਵੋਟਿੰਗ ਲਈ ਰੱਖ ਦਿੱਤੀਆਂ ਜਾਣ?

(ਅਵਾਜ਼ਾਂ : ਹਾਂ ਜੀ, ਹਾਂ ਜੀ)

ਮਾਨਯੋਗ ਸਪੀਕਰ : ਪ੍ਰਸ਼ਨ ਹੈ –

ਕਿ ਕਲਾਜ਼ਾਂ 2 ਤੋਂ 11 ਬਿਲ ਦਾ ਹਿੱਸਾ ਹਨ।

ਪ੍ਰਸਤਾਵ ਪ੍ਰਵਾਨ ਹੋਇਆ।

ਕਲਾਜ਼ 1 ਦੀ ਸਬ–ਕਲਾਜ਼ (1)

ਮਾਨਯੋਗ ਸਪੀਕਰ : ਪ੍ਰਸ਼ਨ ਹੈ –

ਕਿ ਕਲਾਜ਼ 1 ਦੀ ਸਬ–ਕਲਾਜ਼ (1) ਬਿਲ ਦਾ ਹਿੱਸਾ ਹੈ।

ਪ੍ਰਸਤਾਵ ਪ੍ਰਵਾਨ ਹੋਇਆ।

ਸਿਰਲੇਖ

ਮਾਨਯੋਗ ਸਪੀਕਰ : ਪ੍ਰਸ਼ਨ ਹੈ –

ਕਿ ਸਿਰਲੇਖ ਬਿਲ ਦਾ ਸਿਰਲੇਖ ਬਣੇ।

ਪ੍ਰਸਤਾਵ ਪ੍ਰਵਾਨ ਹੋਇਆ।

ਮਾਨਯੋਗ ਸਪੀਕਰ : ਹੁਣ ਮੰਤਰੀ ਸਾਹਿਬ ਪ੍ਰਸਤਾਵ ਕਰਨਗੇ ਕਿ ਬਿਲ ਪਾਸ ਕੀਤਾ ਜਾਵੇ।

ਸਿੱਖਿਆ ਮੰਤਰੀ (ਡਾਕਟਰ ਦਲਜੀਤ ਸਿੰਘ ਚੀਮਾ) : ਸ਼੍ਰੀਮਾਨ ਜੀ, ਮੈਂ ਪ੍ਰਸਤਾਵ ਕਰਦਾ ਹਾਂ –

ਕਿ ਪੰਜਾਬ ਸਕੂਲ ਸਿੱਖਿਆ ਬੋਰਡ (ਸੋਧਨਾ) ਬਿਲ, 2016 ਪਾਸ ਕੀਤਾ ਜਾਵੇ।

ਮਾਨਯੋਗ ਸਪੀਕਰ : ਪ੍ਰਸਤਾਵ ਕੀਤਾ –

ਕਿ ਪੰਜਾਬ ਸਕੂਲ ਸਿੱਖਿਆ ਬੋਰਡ (ਸੋਧਨਾ) ਬਿਲ, 2016 ਪਾਸ ਕੀਤਾ ਜਾਵੇ।

ਮਾਨਯੋਗ ਸਪੀਕਰ : ਪ੍ਰਸ਼ਨ ਹੈ –

ਕਿ ਪੰਜਾਬ ਸਕੂਲ ਸਿੱਖਿਆ ਬੋਰਡ (ਸੋਧਨਾ) ਬਿਲ, 2016 ਪਾਸ ਕੀਤਾ ਜਾਵੇ।

ਪ੍ਰਸਤਾਵ ਪ੍ਰਵਾਨ ਹੋਇਆ।

––––

6. THE PUNJAB BHAGWAN VALMIK JI TIRATH STHAL (RAM TIRATH) SHRINE BOARD BILL, 2016

ਮਾਨਯੋਗ ਸਪੀਕਰ : ਮੰਤਰੀ ਜੀ, ਬਿਲ ਪੇਸ਼ ਕਰਨ।

ਜੇਲ੍ਹਾਂ, ਸੈਰ ਸਪਾਟਾ, ਸਭਿਆਚਾਰਕ ਮਾਮਲੇ, ਪੁਰਾਤਤਵ ਤੇ ਅਜਾਇਬ ਘਰ ਅਤੇ ਛਪਾਈ ਤੇ ਲਿਖਣ ਸਮੱਗਰੀ ਮੰਤਰੀ (ਸਰਦਾਰ ਸੋਹਣ ਸਿੰਘ ਠੰਡਲ): ਸ਼੍ਰੀਮਾਨ ਜੀ, ਮੈਂ ਪੰਜਾਬ ਭਗਵਾਨ ਵਾਲਮੀਕ ਜੀ ਤੀਰਥ ਸਥੱਲ (ਰਾਮ ਤੀਰਥ) ਸ਼ਰਾਇਨ ਬੋਰਡ ਬਿਲ, 2016 ਪੇਸ਼ ਕਰਦਾ ਹਾਂ।

ਸ਼੍ਰੀਮਾਨ ਜੀ, ਮੈਂ ਇਹ ਵੀ ਪ੍ਰਸਤਾਵ ਕਰਦਾ ਹਾਂ –

> ਕਿ ਪੰਜਾਬ ਭਗਵਾਨ ਵਾਲਮੀਕ ਜੀ ਤੀਰਥ ਸਥੱਲ (ਰਾਮ ਤੀਰਥ) ਸ਼ਰਾਇਨ ਬੋਰਡ ਬਿਲ, 2016 ਤੇ ਤੁਰੰਤ ਵਿਚਾਰ ਕੀਤਾ ਜਾਵੇ।

ਮਾਨਯੋਗ ਸਪੀਕਰ : ਪ੍ਰਸਤਾਵ ਕੀਤਾ –

> ਕਿ ਪੰਜਾਬ ਭਗਵਾਨ ਵਾਲਮੀਕ ਜੀ ਤੀਰਥ ਸਥੱਲ (ਰਾਮ ਤੀਰਥ) ਸ਼ਰਾਇਨ ਬੋਰਡ ਬਿਲ, 2016 ਤੇ ਤੁਰੰਤ ਵਿਚਾਰ ਕੀਤਾ ਜਾਵੇ।

ਬਹਿਸ, ਜੇਕਰ ਕੋਈ ਹੋਵੇ?

(ਇਸ ਸਮੇਂ ਕੋਈ ਵੀ ਮੈਂਬਰ ਬਹਿਸ ਕਰਨ ਲਈ ਖੜ੍ਹਾ ਨਹੀਂ ਹੋਇਆ।)

ਮਾਨਯੋਗ ਸਪੀਕਰ : ਪ੍ਰਸ਼ਨ ਹੈ –

> ਕਿ ਪੰਜਾਬ ਭਗਵਾਨ ਵਾਲਮੀਕ ਜੀ ਤੀਰਥ ਸਥੱਲ (ਰਾਮ ਤੀਰਥ) ਸ਼ਰਾਇਨ ਬੋਰਡ ਬਿਲ, 2016 ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਪ੍ਰਵਾਨ ਹੋਇਆ।

ਮਾਨਯੋਗ ਸਪੀਕਰ : ਹੁਣ ਸਦਨ ਬਿਲ ਤੇ ਕਲਾਜ਼-ਵਾਰ ਵਿਚਾਰ ਕਰੇਗਾ।

ਕਲਾਜ਼ 1 ਦੀ ਸਬ-ਕਲਾਜ਼ (2)

ਮਾਨਯੋਗ ਸਪੀਕਰ : ਪ੍ਰਸ਼ਨ ਹੈ –

> ਕਿ ਕਲਾਜ਼ 1 ਦੀ ਸਬ-ਕਲਾਜ਼ (2) ਬਿਲ ਦਾ ਹਿੱਸਾ ਹੈ।

ਪ੍ਰਸਤਾਵ ਪ੍ਰਵਾਨ ਹੋਇਆ।

ਕਲਾਜ਼ਾਂ 2 ਤੋਂ 41

ਮਾਨਯੋਗ ਸਪੀਕਰ : ਕਿਉਂਜੋ ਕਲਾਜ਼ਾਂ 2 ਤੋਂ 41 ਤੱਕ ਕੋਈ ਸੋਧਨਾ ਨਹੀਂ ਹੈ, ਜੇਕਰ ਸਦਨ ਦੀ ਸਹਿਮਤੀ ਹੋਵੇ ਤਾਂ ਇਹ ਕਲਾਜ਼ਾਂ ਇਕੱਠੀਆਂ ਹੀ ਸਦਨ ਦੀ ਵੋਟਿੰਗ ਲਈ ਰੱਖ ਦਿੱਤੀਆਂ ਜਾਣ?

(ਅਵਾਜ਼ਾਂ : ਹਾਂ ਜੀ, ਹਾਂ ਜੀ)

ਮਾਨਯੋਗ ਸਪੀਕਰ : ਪ੍ਰਸ਼ਨ ਹੈ –

ਕਿ ਕਲਾਜ਼ਾਂ 2 ਤੋਂ 41 ਬਿਲ ਦਾ ਹਿੱਸਾ ਹਨ।

ਪ੍ਰਸਤਾਵ ਪ੍ਰਵਾਨ ਹੋਇਆ।

ਕਲਾਜ਼ 1 ਦੀ ਸਬ–ਕਲਾਜ਼ (1)

ਮਾਨਯੋਗ ਸਪੀਕਰ : ਪ੍ਰਸ਼ਨ ਹੈ –

ਕਿ ਕਲਾਜ਼ 1 ਦੀ ਸਬ–ਕਲਾਜ਼ (1) ਬਿਲ ਦਾ ਹਿੱਸਾ ਹੈ।

ਪ੍ਰਸਤਾਵ ਪ੍ਰਵਾਨ ਹੋਇਆ।

ਸਿਰਲੇਖ

ਮਾਨਯੋਗ ਸਪੀਕਰ : ਪ੍ਰਸ਼ਨ ਹੈ –

ਕਿ ਸਿਰਲੇਖ ਬਿਲ ਦਾ ਸਿਰਲੇਖ ਬਣੇ।

ਪ੍ਰਸਤਾਵ ਪ੍ਰਵਾਨ ਹੋਇਆ।

ਮਾਨਯੋਗ ਸਪੀਕਰ : ਹੁਣ ਮੰਤਰੀ ਸਾਹਿਬ ਪ੍ਰਸਤਾਵ ਕਰਨਗੇ ਕਿ ਬਿਲ ਪਾਸ ਕੀਤਾ ਜਾਵੇ।

ਜੇਲ੍ਹਾਂ, ਸੈਰ ਸਪਾਟਾ, ਸਭਿਆਚਾਰਕ ਮਾਮਲੇ, ਪੁਰਾਤਤਵ ਤੇ ਅਜਾਇਬ ਘਰ ਅਤੇ ਛਪਾਈ ਤੇ ਲਿਖਣ ਸਮੱਗਰੀ ਮੰਤਰੀ (ਸਰਦਾਰ ਸੋਹਣ ਸਿੰਘ ਠੰਡਲ): : ਸ਼੍ਰੀਮਾਨ ਜੀ, ਮੈਂ ਪ੍ਰਸਤਾਵ ਕਰਦਾ ਹਾਂ–

ਕਿ ਪੰਜਾਬ ਭਗਵਾਨ ਵਾਲਮੀਕ ਜੀ ਤੀਰਥ ਸਥੱਲ (ਰਾਮ ਤੀਰਥ) ਸ਼ਰਾਇਨ ਬੋਰਡ ਬਿਲ, 2016 ਪਾਸ ਕੀਤਾ ਜਾਵੇ।

ਮਾਨਯੋਗ ਸਪੀਕਰ : ਪ੍ਰਸਤਾਵ ਕੀਤਾ –

ਕਿ ਪੰਜਾਬ ਭਗਵਾਨ ਵਾਲਮੀਕ ਜੀ ਤੀਰਥ ਸਥੱਲ (ਰਾਮ ਤੀਰਥ) ਸ਼ਰਾਇਨ ਬੋਰਡ ਬਿਲ, 2016 ਪਾਸ ਕੀਤਾ ਜਾਵੇ।

ਮਾਨਯੋਗ ਸਪੀਕਰ : ਪ੍ਰਸ਼ਨ ਹੈ –

ਕਿ ਪੰਜਾਬ ਭਗਵਾਨ ਵਾਲਮੀਕ ਜੀ ਤੀਰਥ ਸਥੱਲ (ਰਾਮ ਤੀਰਥ) ਸ਼ਰਾਇਨ ਬੋਰਡ ਬਿਲ, 2016 ਪਾਸ ਕੀਤਾ ਜਾਵੇ।

ਪ੍ਰਸਤਾਵ ਪ੍ਰਵਾਨ ਹੋਇਆ।

----

7. THE PUNJAB STATE COMMISSION FOR WOMEN (SECOND AMENDMENT) BILL, 2016

ਮਾਨਯੋਗ ਸਪੀਕਰ : ਮੰਤਰੀ ਜੀ, ਬਿਲ ਪੇਸ਼ ਕਰਨ।

ਸਿਹਤ ਤੇ ਪਰਿਵਾਰ ਭਲਾਈ, ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ (ਸ਼੍ਰੀ ਸੁਰਜੀਤ ਕੁਮਾਰ ਜਿਆਨੀ): ਸ਼੍ਰੀਮਾਨ ਜੀ, ਮੈਂ ਪੰਜਾਬ ਰਾਜ ਇਸਤਰੀਆਂ ਲਈ ਕਮਿਸ਼ਨ (ਦੂਜੀ ਸੋਧਨਾ) ਬਿਲ, 2016 ਪੇਸ਼ ਕਰਦਾ ਹਾਂ।

ਸ਼੍ਰੀਮਾਨ ਜੀ, ਮੈਂ ਇਹ ਵੀ ਪ੍ਰਸਤਾਵ ਕਰਦਾ ਹਾਂ –

ਕਿ ਪੰਜਾਬ ਰਾਜ ਇਸਤਰੀਆਂ ਲਈ ਕਮਿਸ਼ਨ (ਦੂਜੀ ਸੋਧਨਾ) ਬਿਲ, 2016 ਤੇ ਤੁਰੰਤ ਵਿਚਾਰ ਕੀਤਾ ਜਾਵੇ।

ਮਾਨਯੋਗ ਸਪੀਕਰ : ਪ੍ਰਸਤਾਵ ਕੀਤਾ –

ਕਿ ਪੰਜਾਬ ਰਾਜ ਇਸਤਰੀਆਂ ਲਈ ਕਮਿਸ਼ਨ (ਦੂਜੀ ਸੋਧਨਾ) ਬਿਲ, 2016 ਤੇ ਤੁਰੰਤ ਵਿਚਾਰ ਕੀਤਾ ਜਾਵੇ।

ਬਹਿਸ, ਜੇਕਰ ਕੋਈ ਹੋਵੇ?

(ਇਸ ਸਮੇਂ ਕੋਈ ਵੀ ਮੈਂਬਰ ਬਹਿਸ ਕਰਨ ਲਈ ਖੜ੍ਹਾ ਨਹੀਂ ਹੋਇਆ।)

ਮਾਨਯੋਗ ਸਪੀਕਰ : ਪ੍ਰਸ਼ਨ ਹੈ –

ਕਿ ਪੰਜਾਬ ਰਾਜ ਇਸਤਰੀਆਂ ਲਈ ਕਮਿਸ਼ਨ (ਦੂਜੀ ਸੋਧਨਾ) ਬਿਲ, 2016 ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਪ੍ਰਵਾਨ ਹੋਇਆ।

ਮਾਨਯੋਗ ਸਪੀਕਰ : ਹੁਣ ਸਦਨ ਬਿਲ ਤੇ ਕਲਾਜ਼-ਵਾਰ ਵਿਚਾਰ ਕਰੇਗਾ।

ਕਲਾਜ਼ 1 ਦੀ ਸਬ-ਕਲਾਜ਼ (2)

ਮਾਨਯੋਗ ਸਪੀਕਰ : ਪ੍ਰਸ਼ਨ ਹੈ –

ਕਿ ਕਲਾਜ਼ 1 ਦੀ ਸਬ-ਕਲਾਜ਼ (2) ਬਿਲ ਦਾ ਹਿੱਸਾ ਹੈ।

ਪ੍ਰਸਤਾਵ ਪ੍ਰਵਾਨ ਹੋਇਆ।

ਕਲਾਜ਼ਾਂ 2 ਤੋਂ 7

ਮਾਨਯੋਗ ਸਪੀਕਰ : ਕਿਉਂਜੋ ਕਲਾਜ਼ਾਂ 2 ਤੋਂ 7 ਤੱਕ ਕੋਈ ਸੋਧਨਾ ਨਹੀਂ ਹੈ, ਜੇਕਰ ਸਦਨ ਦੀ ਸਹਿਮਤੀ ਹੋਵੇ ਤਾਂ ਇਹ ਕਲਾਜ਼ਾਂ ਇਕੱਠੀਆਂ ਹੀ ਸਦਨ ਦੀ ਵੋਟਿੰਗ ਲਈ ਰੱਖ ਦਿੱਤੀਆਂ ਜਾਣ?

(ਅਵਾਜ਼ਾਂ : ਹਾਂ ਜੀ, ਹਾਂ ਜੀ)

ਮਾਨਯੋਗ ਸਪੀਕਰ : ਪ੍ਰਸ਼ਨ ਹੈ -

ਕਿ ਕਲਾਜ਼ਾਂ 2 ਤੋਂ 7 ਬਿਲ ਦਾ ਹਿੱਸਾ ਹਨ।

ਪ੍ਰਸਤਾਵ ਪ੍ਰਵਾਨ ਹੋਇਆ।

ਕਲਾਜ਼ 1 ਦੀ ਸਬ-ਕਲਾਜ਼ (1)

ਮਾਨਯੋਗ ਸਪੀਕਰ : ਪ੍ਰਸ਼ਨ ਹੈ -

ਕਿ ਕਲਾਜ਼ 1 ਦੀ ਸਬ-ਕਲਾਜ਼ (1) ਬਿਲ ਦਾ ਹਿੱਸਾ ਹੈ।

ਪ੍ਰਸਤਾਵ ਪ੍ਰਵਾਨ ਹੋਇਆ।

ਸਿਰਲੇਖ

ਮਾਨਯੋਗ ਸਪੀਕਰ : ਪ੍ਰਸ਼ਨ ਹੈ -

ਕਿ ਸਿਰਲੇਖ ਬਿਲ ਦਾ ਸਿਰਲੇਖ ਬਣੇ।

ਪ੍ਰਸਤਾਵ ਪ੍ਰਵਾਨ ਹੋਇਆ।

ਮਾਨਯੋਗ ਸਪੀਕਰ : ਹੁਣ ਮੰਤਰੀ ਸਾਹਿਬ ਪ੍ਰਸਤਾਵ ਕਰਨਗੇ ਕਿ ਬਿਲ ਪਾਸ ਕੀਤਾ ਜਾਵੇ।

ਸਿਹਤ ਤੇ ਪਰਿਵਾਰ ਭਲਾਈ, ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ (ਸ਼੍ਰੀ ਸੁਰਜੀਤ ਕੁਮਾਰ ਜਿਆਨੀ) : ਸ਼੍ਰੀਮਾਨ ਜੀ, ਮੈਂ ਪ੍ਰਸਤਾਵ ਕਰਦਾ ਹਾਂ -

ਕਿ ਪੰਜਾਬ ਰਾਜ ਇਸਤਰੀਆਂ ਲਈ ਕਮਿਸ਼ਨ (ਦੂਜੀ ਸੋਧਨਾ) ਬਿਲ, 2016 ਪਾਸ ਕੀਤਾ ਜਾਵੇ।

ਮਾਨਯੋਗ ਸਪੀਕਰ : ਪ੍ਰਸਤਾਵ ਕੀਤਾ –

ਕਿ ਪੰਜਾਬ ਰਾਜ ਇਸਤਰੀਆਂ ਲਈ ਕਮਿਸ਼ਨ (ਦੂਜੀ ਸੋਧਨਾ) ਬਿਲ, 2016, ਪਾਸ ਕੀਤਾ ਜਾਵੇ।

ਮਾਨਯੋਗ ਸਪੀਕਰ : ਪ੍ਰਸ਼ਨ ਹੈ –

ਕਿ ਪੰਜਾਬ ਰਾਜ ਇਸਤਰੀਆਂ ਲਈ ਕਮਿਸ਼ਨ (ਦੂਜੀ ਸੋਧਨਾ) ਬਿਲ, 2016, ਪਾਸ ਕੀਤਾ ਜਾਵੇ।

ਪ੍ਰਸਤਾਵ ਪ੍ਰਵਾਨ ਹੋਇਆ।

----

8. THE PUNJAB ALLOTMENT OF STATE GOVERNMENT LAND BILL, 2016

ਮਾਨਯੋਗ ਸਪੀਕਰ : ਮੰਤਰੀ ਜੀ, ਬਿਲ ਪੇਸ਼ ਕਰਨ।

ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ (ਸਰਦਾਰ ਸਿਕੰਦਰ ਸਿੰਘ ਮਲੂਕਾ) : ਸ਼੍ਰੀਮਾਨ ਜੀ, ਮੈਂ ਪੰਜਾਬ ਅਲਾਟਮੈਂਟ ਆਫ ਸਟੇਟ ਗਵਰਨਮੈਂਟ ਲੈਂਡ ਬਿਲ, 2016 ਪੇਸ਼ ਕਰਦਾ ਹਾਂ।

ਸ਼੍ਰੀਮਾਨ ਜੀ, ਮੈਂ ਇਹ ਵੀ ਪ੍ਰਸਤਾਵ ਕਰਦਾ ਹਾਂ –

ਕਿ ਪੰਜਾਬ ਅਲਾਟਮੈਂਟ ਆਫ ਸਟੇਟ ਗਵਰਨਮੈਂਟ ਲੈਂਡ ਬਿਲ, 2016 ਤੇ ਤੁਰੰਤ ਵਿਚਾਰ ਕੀਤਾ ਜਾਵੇ।

ਮਾਨਯੋਗ ਸਪੀਕਰ : ਪ੍ਰਸਤਾਵ ਕੀਤਾ –

ਕਿ ਪੰਜਾਬ ਅਲਾਟਮੈਂਟ ਆਫ ਸਟੇਟ ਗਵਰਨਮੈਂਟ ਲੈਂਡ ਬਿਲ, 2016 ਤੇ ਤੁਰੰਤ ਵਿਚਾਰ ਕੀਤਾ ਜਾਵੇ।

ਬਹਿਸ, ਜੇਕਰ ਕੋਈ ਹੋਵੇ?

(ਇਸ ਸਮੇਂ ਕੋਈ ਵੀ ਮੈਂਬਰ ਬਹਿਸ ਕਰਨ ਲਈ ਖੜ੍ਹਾ ਨਹੀਂ ਹੋਇਆ।)

ਮਾਨਯੋਗ ਸਪੀਕਰ : ਪ੍ਰਸ਼ਨ ਹੈ –

ਕਿ ਪੰਜਾਬ ਅਲਾਟਮੈਂਟ ਆਫ ਸਟੇਟ ਗਵਰਨਮੈਂਟ ਲੈਂਡ ਬਿਲ, 2016 ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਪ੍ਰਵਾਨ ਹੋਇਆ।

ਮਾਨਯੋਗ ਸਪੀਕਰ : ਹੁਣ ਸਦਨ ਬਿਲ ਤੇ ਕਲਾਜ਼-ਵਾਰ ਵਿਚਾਰ ਕਰੇਗਾ।

ਕਲਾਜ਼ 1 ਦੀ ਸਬ-ਕਲਾਜ਼ (2)

ਮਾਨਯੋਗ ਸਪੀਕਰ : ਪ੍ਰਸ਼ਨ ਹੈ -

ਕਿ ਕਲਾਜ਼ 1 ਦੀ ਸਬ-ਕਲਾਜ਼ (2) ਬਿਲ ਦਾ ਹਿੱਸਾ ਹੈ।

ਪ੍ਰਸਤਾਵ ਪ੍ਰਵਾਨ ਹੋਇਆ।

ਕਲਾਜ਼ਾਂ 2 ਤੋਂ 16

ਮਾਨਯੋਗ ਸਪੀਕਰ : ਕਿਉਂਜੋ ਕਲਾਜ਼ਾਂ 2 ਤੋਂ 16 ਤੱਕ ਕੋਈ ਸੋਧਨਾ ਨਹੀਂ ਹੈ, ਜੇਕਰ ਸਦਨ ਦੀ ਸਹਿਮਤੀ ਹੋਵੇ ਤਾਂ ਇਹ ਕਲਾਜ਼ਾਂ ਇਕੱਠੀਆਂ ਹੀ ਸਦਨ ਦੀ ਵੋਟਿੰਗ ਲਈ ਰੱਖ ਦਿੱਤੀਆਂ ਜਾਣ?

(**ਅਵਾਜ਼ਾਂ :** ਹਾਂ ਜੀ, ਹਾਂ ਜੀ)

ਮਾਨਯੋਗ ਸਪੀਕਰ : ਪ੍ਰਸ਼ਨ ਹੈ -

ਕਿ ਕਲਾਜ਼ਾਂ 2 ਤੋਂ 16 ਬਿਲ ਦਾ ਹਿੱਸਾ ਹਨ।

ਪ੍ਰਸਤਾਵ ਪ੍ਰਵਾਨ ਹੋਇਆ।

ਕਲਾਜ਼ 1 ਦੀ ਸਬ-ਕਲਾਜ਼ (1)

ਮਾਨਯੋਗ ਸਪੀਕਰ : ਪ੍ਰਸ਼ਨ ਹੈ -

ਕਿ ਕਲਾਜ਼ 1 ਦੀ ਸਬ-ਕਲਾਜ਼ (1) ਬਿਲ ਦਾ ਹਿੱਸਾ ਹੈ।

ਪ੍ਰਸਤਾਵ ਪ੍ਰਵਾਨ ਹੋਇਆ।

ਸਿਰਲੇਖ

ਮਾਨਯੋਗ ਸਪੀਕਰ : ਪ੍ਰਸ਼ਨ ਹੈ -

ਕਿ ਸਿਰਲੇਖ ਬਿਲ ਦਾ ਸਿਰਲੇਖ ਬਣੇ।

ਪ੍ਰਸਤਾਵ ਪ੍ਰਵਾਨ ਹੋਇਆ।

ਮਾਨਯੋਗ ਸਪੀਕਰ : ਹੁਣ ਮੰਤਰੀ ਸਾਹਿਬ ਪ੍ਰਸਤਾਵ ਕਰਨਗੇ ਕਿ ਬਿਲ ਪਾਸ ਕੀਤਾ ਜਾਵੇ।

ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ (ਸਰਦਾਰ ਸਿਕੰਦਰ ਸਿੰਘ ਮਲੂਕਾ) : ਸ਼੍ਰੀਮਾਨ ਜੀ, ਮੈਂ ਪ੍ਰਸਤਾਵ ਕਰਦਾ ਹਾਂ –

> ਕਿ ਪੰਜਾਬ ਅਲਾਟਮੈਂਟ ਆਫ ਸਟੇਟ ਗਵਰਨਮੈਂਟ ਲੈਂਡ ਬਿਲ, 2016 ਪਾਸ ਕੀਤਾ ਜਾਵੇ।

ਮਾਨਯੋਗ ਸਪੀਕਰ : ਪ੍ਰਸਤਾਵ ਕੀਤਾ –

> ਕਿ ਪੰਜਾਬ ਅਲਾਟਮੈਂਟ ਆਫ ਸਟੇਟ ਗਵਰਨਮੈਂਟ ਲੈਂਡ ਬਿਲ, 2016 ਪਾਸ ਕੀਤਾ ਜਾਵੇ।

ਮਾਨਯੋਗ ਸਪੀਕਰ : ਪ੍ਰਸ਼ਨ ਹੈ –

> ਕਿ ਪੰਜਾਬ ਅਲਾਟਮੈਂਟ ਆਫ ਸਟੇਟ ਗਵਰਨਮੈਂਟ ਲੈਂਡ ਬਿਲ, 2016 ਪਾਸ ਕੀਤਾ ਜਾਵੇ।

ਪ੍ਰਸਤਾਵ ਪ੍ਰਵਾਨ ਹੋਇਆ।

----

9. THE PUNJAB STATE COMMISSION FOR MINORITIES (THIRD AMENDMENT) BILL, 2016

ਮਾਨਯੋਗ ਸਪੀਕਰ: ਸ਼੍ਰੀ ਮਦਨ ਮੋਹਨ ਮਿੱਤਲ, ਸੰਸਦੀ ਮਾਮਲੇ ਮੰਤਰੀ ਜੀ ਬਿਲ ਪੇਸ਼ ਕਰਨ।

ਉਦਯੋਗ ਤੇ ਵਣਜ, ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਤੇ ਸੰਸਦੀ ਮਾਮਲੇ ਮੰਤਰੀ (ਸ਼੍ਰੀ ਮਦਨ ਮੋਹਨ ਮਿੱਤਲ) : ਸ਼੍ਰੀਮਾਨ ਜੀ, ਮੈਂ ਪੰਜਾਬ ਰਾਜ ਘੱਟ ਗਿਣਤੀਆਂ ਲਈ ਕਮਿਸ਼ਨ (ਤੀਜੀ ਸੋਧਨਾ) ਬਿਲ, 2016 ਪੇਸ਼ ਕਰਦਾ ਹਾਂ।

ਸ਼੍ਰੀਮਾਨ ਜੀ, ਮੈਂ ਇਹ ਵੀ ਪ੍ਰਸਤਾਵ ਕਰਦਾ ਹਾਂ–

> ਕਿ ਪੰਜਾਬ ਰਾਜ ਘੱਟ ਗਿਣਤੀਆਂ ਲਈ ਕਮਿਸ਼ਨ (ਤੀਜੀ ਸੋਧਨਾ) ਬਿਲ, 2016 ਤੇ ਤੁਰੰਤ ਵਿਚਾਰ ਕੀਤਾ ਜਾਵੇ।

ਮਾਨਯੋਗ ਸਪੀਕਰ : ਪ੍ਰਸਤਾਵ ਕੀਤਾ –

> ਕਿ ਪੰਜਾਬ ਰਾਜ ਘੱਟ ਗਿਣਤੀਆਂ ਲਈ ਕਮਿਸ਼ਨ (ਤੀਜੀ ਸੋਧਨਾ) ਬਿਲ, 2016 ਤੇ ਤੁਰੰਤ ਵਿਚਾਰ ਕੀਤਾ ਜਾਵੇ।

ਬਹਿਸ, ਜੇਕਰ ਕੋਈ ਹੋਵੇ।

(ਇਸ ਸਮੇਂ ਕੋਈ ਵੀ ਮਾਨਯੋਗ ਮੈਂਬਰ ਬਹਿਸ ਕਰਨ ਲਈ ਖੜ੍ਹਾ ਨਹੀਂ ਹੋਇਆ।)

ਮਾਨਯੋਗ ਸਪੀਕਰ: ਪ੍ਰਸ਼ਨ ਹੈ–

ਕਿ ਪੰਜਾਬ ਰਾਜ ਘੱਟ ਗਿਣਤੀਆਂ ਲਈ ਕਮਿਸ਼ਨ (ਤੀਜੀ ਸੋਧਨਾ) ਬਿਲ, 2016 ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਪ੍ਰਵਾਨ ਹੋਇਆ।

ਮਾਨਯੋਗ ਸਪੀਕਰ: ਹੁਣ ਸਦਨ ਬਿਲ ਤੇ ਕਲਾਜ਼–ਵਾਰ ਵਿਚਾਰ ਕਰੇਗਾ।

ਕਲਾਜ਼ 1 ਦੀ ਸਬ–ਕਲਾਜ਼ (2)

ਮਾਨਯੋਗ ਸਪੀਕਰ : ਪ੍ਰਸ਼ਨ ਹੈ–

ਕਿ ਕਲਾਜ਼ 1 ਦੀ ਸਬ–ਕਲਾਜ਼ (2) ਬਿਲ ਦਾ ਹਿੱਸਾ ਹੈ।

ਪ੍ਰਸਤਾਵ ਪ੍ਰਵਾਨ ਹੋਇਆ।

ਕਲਾਜ਼ 2

ਮਾਨਯੋਗ ਸਪੀਕਰ: ਪ੍ਰਸ਼ਨ ਹੈ–

ਕਿ ਕਲਾਜ਼ 2 ਬਿਲ ਦਾ ਹਿੱਸਾ ਹੈ।

ਪ੍ਰਸਤਾਵ ਪ੍ਰਵਾਨ ਹੋਇਆ।

ਕਲਾਜ਼ 1 ਦੀ ਸਬ–ਕਲਾਜ਼ (1)

ਮਾਨਯੋਗ ਸਪੀਕਰ : ਪ੍ਰਸ਼ਨ ਹੈ–

ਕਿ ਕਲਾਜ਼ 1 ਦੀ ਸਬ–ਕਲਾਜ਼ (1) ਬਿਲ ਦਾ ਹਿੱਸਾ ਹੈ।

ਪ੍ਰਸਤਾਵ ਪ੍ਰਵਾਨ ਹੋਇਆ।

ਸਿਰਲੇਖ

ਮਾਨਯੋਗ ਸਪੀਕਰ: ਪ੍ਰਸ਼ਨ ਹੈ–

ਕਿ ਸਿਰਲੇਖ ਬਿਲ ਦਾ ਸਿਰਲੇਖ ਬਣੇ।

ਪ੍ਰਸਤਾਵ ਪ੍ਰਵਾਨ ਹੋਇਆ।

ਮਾਨਯੋਗ ਸਪੀਕਰ: ਹੁਣ ਮੰਤਰੀ ਸਾਹਿਬ ਪ੍ਰਸਤਾਵ ਕਰਨਗੇ ਕਿ ਬਿਲ ਪਾਸ ਕੀਤਾ ਜਾਵੇ।

ਉਦਯੋਗ ਤੇ ਵਣਜ, ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਤੇ ਸੰਸਦੀ ਮਾਮਲੇ ਮੰਤਰੀ (ਸ਼੍ਰੀ ਮਦਨ ਮੋਹਨ ਮਿੱਤਲ) : ਸ਼੍ਰੀਮਾਨ ਜੀ, ਮੈਂ ਪ੍ਰਸਤਾਵ ਕਰਦਾ ਹਾਂ–

> ਕਿ ਪੰਜਾਬ ਰਾਜ ਘੱਟ ਗਿਣਤੀਆਂ ਲਈ ਕਮਿਸ਼ਨ (ਤੀਜੀ ਸੋਧਨਾ) ਬਿਲ, 2016 ਪਾਸ ਕੀਤਾ ਜਾਵੇ।

ਮਾਨਯੋਗ ਸਪੀਕਰ : ਪ੍ਰਸਤਾਵ ਕੀਤਾ–

> ਕਿ ਪੰਜਾਬ ਰਾਜ ਘੱਟ ਗਿਣਤੀਆਂ ਲਈ ਕਮਿਸ਼ਨ (ਤੀਜੀ ਸੋਧਨਾ) ਬਿਲ, 2016 ਪਾਸ ਕੀਤਾ ਜਾਵੇ।

ਮਾਨਯੋਗ ਸਪੀਕਰ : ਪ੍ਰਸ਼ਨ ਹੈ–

> ਕਿ ਪੰਜਾਬ ਰਾਜ ਘੱਟ ਗਿਣਤੀਆਂ ਲਈ ਕਮਿਸ਼ਨ (ਤੀਜੀ ਸੋਧਨਾ) ਬਿਲ, 2016 ਪਾਸ ਕੀਤਾ ਜਾਵੇ।

ਪ੍ਰਸਤਾਵ ਪ੍ਰਵਾਨ ਹੋਇਆ।

ਮਾਨਯੋਗ ਸਪੀਕਰ : ਹੁਣ ਸਦਨ ਅਣਮਿੱਥੇ ਸਮੇਂ ਲਈ ਸਥੱਗਿਤ ਕੀਤਾ ਜਾਂਦਾ ਹੈ।

*3.39 ਵਜੇ ਬਾਅਦ ਦੁਪਹਿਰ

(ਇਸ ਸਮੇਂ *ਸਦਨ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਗਿਆ।)

ਪ ਜਾਬ ਵਿਧਾਨ ਸਭਾ ਸਕੱਤਰੇਤ ਦੇ ਅਧਿਕਾਰ ਹੇਠ ਪ੍ਰਕਾਸ਼ਿਤ ਅਤੇ ਕ ਟਰੋਲਰ, ਛਪਾਈ ਅਤੇ ਲਿਖਣ ਸਮੱਗਰੀ, ਪ ਜਾਬ, ਚ ਡੀਗੜ੍ਹ ਰਾਹੀਂ ਸਰਕਾਰੀ ਪ੍ਰੈਸ, ਐਸ.ਏ.ਐਸ. ਨਗਰ (ਮੁਹਾਲੀ) ਵਿਖੇ ਟਾਈਪਸੈਟ ਕਰਵਾ ਕੇ ਛਾਪੀ ਗਈ।

9230/12-2016/ਪੰਜਾਬ ਸਰਕਾਰ ਪ੍ਰੈਸ, ਐਸ.ਏ.ਐਸ.ਨਗਰ

ਪੰਜਾਬ ਮੰਤਰੀ ਮੰਡਲ ਦੀ ਸੂਚੀ
ਕੈਬਨਿਟ ਮੰਤਰੀ

ਕ੍ਰਮ ਨੰ:	ਨਾਮ	ਮਹਿਕਮਾ/ਮਹਿਕਮੇ
1)	ਸਰਦਾਰ ਪਰਕਾਸ਼ ਸਿੰਘ ਬਾਦਲ, ਮੁੱਖ ਮੰਤਰੀ	ਆਮ ਪ੍ਰਸ਼ਾਸਨ, ਸਹਿਕਾਰਤਾ, ਸਾਇੰਸ ਤਕਨਾਲੋਜੀ, ਵਾਤਾਵਰਨ, ਵਿਜੀਲੈਂਸ ਅਤੇ ਸ਼ਹਿਰੀ ਹਵਾਬਾਜ਼ੀ।
2)	ਸਰਦਾਰ ਸੁਖਬੀਰ ਸਿੰਘ ਬਾਦਲ, ਉਪ ਮੁੱਖ ਮੰਤਰੀ	ਗ੍ਰਹਿ ਮਾਮਲੇ, ਪ੍ਰਸ਼ਾਸਕੀ ਸੁਧਾਰ, ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ, ਕਰ ਤੇ ਆਬਕਾਰੀ, ਖੇਡਾਂ ਤੇ ਯੁਵਕ ਸੇਵਾਵਾਂ, ਪੂੰਜੀ ਨਿਵੇਸ਼ ਅਤੇ ਬਿਜਲੀ।
3)	ਸ਼੍ਰੀ ਚੂਨੀ ਲਾਲ ਭਗਤ	ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ ਅਤੇ ਕਿਰਤ ਮੰਤਰੀ।
4)	ਸਰਦਾਰ ਆਦੇਸ਼ ਪ੍ਰਤਾਪ ਸਿੰਘ ਕੈਰੋਂ	ਖੁਰਾਕ ਤੇ ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ, ਫੂਡ ਪ੍ਰਾਸੈਸਿੰਗ ਅਤੇ ਸੂਚਨਾ ਤਕਨਾਲੋਜੀ ਮੰਤਰੀ।
5)	ਸਰਦਾਰ ਅਜੀਤ ਸਿੰਘ ਕੋਹਾੜ	ਟਰਾਂਸਪੋਰਟ, ਕਾਨੂੰਨੀ ਤੇ ਵਿਧਾਨਕ ਮਾਮਲੇ ਤੇ ਚੋਣਾਂ ਅਤੇ ਰੋਜ਼ਗਾਰ ਪੈਦਾਕਰਨ ਮੰਤਰੀ।
6)	ਸਰਦਾਰ ਗੁਲਜਾਰ ਸਿੰਘ ਰਣੀਕੇ	ਪਸ਼ੂ ਪਾਲਣ, ਮੱਛੀ ਪਾਲਣ, ਡੇਅਰੀ ਵਿਕਾਸ ਅਤੇ ਅਨੁਸੂਚਿਤ ਜਾਤੀਆਂ ਤੇ ਪੱਛੜੀਆਂ ਸ਼੍ਰੇਣੀਆਂ ਦੀ ਭਲਾਈ ਮੰਤਰੀ।
7)	ਸ਼੍ਰੀ ਮਦਨ ਮੋਹਨ ਮਿੱਤਲ	ਉਦਯੋਗ ਤੇ ਵਣਜ, ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਅਤੇ ਸੰਸਦੀ ਮਾਮਲੇ ਮੰਤਰੀ।
8)	ਸਰਦਾਰ ਪਰਮਿੰਦਰ ਸਿੰਘ ਢੀਂਡਸਾ	ਵਿੱਤ, ਯੋਜਨਾ, ਵਿੱਤੀ ਸੰਸਥਾਵਾਂ, ਬੈਂਕਿੰਗ ਅਤੇ ਪ੍ਰੋਗਰਾਮ ਲਾਗੂਕਰਨ ਮੰਤਰੀ।
9)	ਸਰਦਾਰ ਜਨਮੇਜਾ ਸਿੰਘ ਸੇਖੋਂ	ਲੋਕ ਨਿਰਮਾਣ (ਭ ਤੇ ਮ), ਸੈਨਿਕ ਸੇਵਾਵਾਂ ਭਲਾਈ, ਸ਼ਿਕਾਇਤ ਨਿਵਾਰਣ, ਪੈਨਸ਼ਨਰਾਂ ਦੀ ਭਲਾਈ ਮੰਤਰੀ।
10)	ਸ਼੍ਰੀ ਸੁਰਜੀਤ ਕੁਮਾਰ ਜਿਆਨੀ	ਸਿਹਤ ਤੇ ਪਰਿਵਾਰ ਭਲਾਈ, ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ।
11)	ਸਰਦਾਰ ਤੋਤਾ ਸਿੰਘ	ਖੇਤੀਬਾੜੀ ਅਤੇ ਪ੍ਰਵਾਸੀ ਭਾਰਤੀ ਮਾਮਲੇ ਮੰਤਰੀ।
12)	ਸਰਦਾਰ ਬਿਕਰਮ ਸਿੰਘ ਮਜੀਠੀਆ	ਮਾਲ ਤੇ ਮੁੜ ਵਸੇਬਾ, ਸੂਚਨਾ ਤੇ ਲੋਕ ਸੰਪਰਕ, ਨਵੇਂ ਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ।
13)	ਸਰਦਾਰ ਸਿਕੰਦਰ ਸਿੰਘ ਮਲੂਕਾ	ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ।
14)	ਸ਼੍ਰੀ ਅਨਿਲ ਜੋਸ਼ੀ	ਸਥਾਨਕ ਸਰਕਾਰ, ਡਾਕਟਰੀ ਸਿੱਖਿਆ ਤੇ ਖੋਜ ਮੰਤਰੀ।
15)	ਸਰਦਾਰ ਸੁਰਜੀਤ ਸਿੰਘ ਰੱਖੜਾ	ਪੇਂਡੂ ਜਲ ਸਪਲਾਈ ਅਤੇ ਸੈਨੀਟੇਸ਼ਨ ਤੇ ਉਚੇਰੀ ਸਿੱਖਿਆ ਤੇ ਭਾਸ਼ਾਵਾਂ ਮੰਤਰੀ ।
16)	ਸਰਦਾਰ ਸ਼ਰਨਜੀਤ ਸਿੰਘ ਢਿੱਲੋਂ	ਸਿੰਜਾਈ ਮੰਤਰੀ।
17)	ਸਰਦਾਰ ਸੋਹਣ ਸਿੰਘ ਠੰਡਲ	ਜੇਲ੍ਹਾਂ, ਸੈਰ ਸਪਾਟਾ, ਸਭਿਆਚਾਰਕ ਮਾਮਲੇ, ਪੁਰਾਤੱਤਵ ਤੇ ਅਜਾਇਬ ਘਰ ਅਤੇ ਛਪਾਈ ਤੇ ਲਿਖਣ ਸਮੱਗਰੀ ਮੰਤਰੀ।
18)	ਡਾਕਟਰ ਦਲਜੀਤ ਸਿੰਘ ਚੀਮਾ	ਸਿੱਖਿਆ ਮੰਤਰੀ।

ਮੁੱਖ ਸੰਸਦੀ ਸਕੱਤਰ

ਕ੍ਰਮ ਨੰ:	ਨਾਮ	ਮਹਿਕਮਾ/ਮਹਿਕਮੇ
1)	ਸਰਦਾਰ ਮਨਜੀਤ ਸਿੰਘ ਮੀਆਂਵਿੰਡ	ਸਾਇੰਸ, ਤਕਨਾਲੋਜੀ ਅਤੇ ਵਾਤਾਵਰਨ
2)	ਸਰਦਾਰ ਦਰਸ਼ਨ ਸਿੰਘ ਸ਼ਿਵਾਲਿਕ	ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ
3)	ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ	ਪਾਵਰ
4)	ਸਰਦਾਰ ਗੁਰਤੇਜ ਸਿੰਘ ਘੁੜਿਆਣਾ	ਟਰਾਂਸਪੋਰਟ
5)	ਸ਼੍ਰੀਮਤੀ ਸੁਖਜੀਤ ਕੌਰ ਸਾਹੀ	ਮਾਲ ਅਤੇ ਪੁਨਰਵਾਸ
6)	ਸ਼੍ਰੀਮਤੀ ਸੀਮਾ ਕੁਮਾਰੀ	ਸਿੱਖਿਆ